SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit punjabipost.ca/epaper | Vol 22* Issue 232 | Wednesday, December 20, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ


## ਕਾਰਬਨ ਮੋਨੋਆਕਸਾਈਡ ਲੀਕ ਹੋਣ ਨਾਲ ਇੱਕ ਵਿਅਕਤੀ ਦੀ ਹੋਈ ਮੌਤ, 6 ਹਸਪਤਾਲ ਵਿੱਚ



ਓਨਟਾਰੀਓ, 19 ਦਸੰਬਰ (ਪੋਸਟ ਬਿਊਰੋ) : ਕਿਚਨਰ, ਓਨਟਾਰੀਓ ਦੇ ਘਰ ਦੇ ਗੈਰਾਜ ਵਿੱਚ ਇੱਕ ਕਾਰ ਵੱਲੋਂ ਟੱਕਰ ਮਾਰੇ ਜਾਣ ਤੋਂ ਬਾਅਦ ਲੀਕ ਹੋਈ ਕਾਰਬਨ ਮੋਨੋਆਕਸਾਈਡ ਕਾਰਨ ਇੱਕ 25 ਸਾਲਾ ਵਿਅਕਤੀ ਦੀ ਮੌਤ ਹੋ ਗਈ ਜਦਕਿ 6 ਹੋਰਨਾਂ ਨੂੰ ਹਸਪਤਾਲ ਲਿਜਾਇਆ ਗਿਆ।

ਗੁਆਂਢੀਆਂ ਨੇ ਦੱਸਿਆ ਕਿ ਘਰ ਵਿੱਚ ਰਹਿਣ ਵਾਲੇ ਬਹੁਤੇ ਲੋਕ ਇੰਟਰਨੈਸ਼ਨਲ ਸਟੂਡੈਂਟਸ ਸਨ ਤੇ ਜਾਂ ਫਿਰ ਕੈਨੇਡਾ ਵਿੱਚ ਨਵੇਂ ਸਨ। ਮੰਗਲਵਾਰ ਨੂੰ ਸਵੇਰੇ 7:30 ਵਜੇ ਦੇ ਨੇੜੇ ਤੇੜੇ ਪੈਰੀਵਿੰਕਲ ਸਟਰੀਟ ਨੇੜੇ ਐਕਟਿਵਾ ਐਵਨਿਊ ਉੱਤੇ ਸਥਿਤ ਟਾਊਨਹਾਊਸ ਵਿੱਚ ਐਮਰਜੰਸੀ ਅਮਲਾ ਪਹੁੰਚਿਆ। ਚਸ਼ਮਦੀਦਾਂ ਨੇ ਦੱਸਿਆ ਕਿ ਸੜਕ ਉੱਤੇ ਐਂਬੂਲੈਂਸਾਂ ਵੱਡੀ ਮਾਤਰਾ ਵਿੱਚ ਮੌਜੂਦ ਸਨ ਤੇ ਫਾਇਰ ਟਰੱਕਸ ਵੀ ਮੌਜੂਦ ਸਨ। ਘਰ ਵਿੱਚੋਂ ਸਟਰੈਚਰ ਉੱਤੇ ਪਾ ਕੇ ਕਈ ਲੋਕਾਂ ਨੂੰ ਬਾਹਰ ਕੱਢਿਆ ਜਾ ਰਿਹਾ ਸੀ ਤੇ ਇੱਕ ਵਿਅਕਤੀ ਨੂੰ ਸੀਪੀਆਰ ਵੀ ਦਿੱਤੀ ਗਈ।

ਪੁਲਿਸ ਇਸ ਨੂੰ ਸ਼ੱਕੀ ਮਾਮਲਾ ਨਹੀਂ ਮੰਨ ਰਹੀ। ਗੁਆਂਢ ਵਿੱਚ ਰਹਿਣ ਵਾਲੇ ਕੇਵਲ ਦੇਸਾਈ ਨਾਂ ਦੇ ਲੜਕੇ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਦਾ ਕਾਰਬਨ ਮੋਨੋਆਕਸਾਈਡ ਡਿਟੈਕਟਰ ਤੜਕੇ ਬੋਲਣ ਲੱਗ ਪਿਆ ਜਿਸ ਨਾਲ ਸਵੇਰੇ 6:45 ਉੱਤੇ ਉਨ੍ਹਾਂ ਦੀ ਜਾਗ ਖੁੱਲ੍ਹ ਗਈ। ਉਨ੍ਹਾਂ ਨੇ ਆਪਣੇ ਘਰ ਦੇ ਸਾਰੇ ਬਿਜਲੀ ਵਾਲੇ ਅਪਲਾਇੰਸਿਜ਼ ਚੈੱਕ ਕਰ ਲਏ ਪਰ ਅਲਾਰਮ ਬੰਦ ਨਹੀਂ ਹੋਇਆ। ਇਸ ਲਈ ਉਨ੍ਹਾਂ ਦਰਵਾਜ਼ੇ ਤੇ ਖਿੜਕੀਆਂ ਖੋਲ੍ਹ ਦਿੱਤੇ। ਅੱਧੇ ਘੰਟੇ ਬਾਅਦ ਉਨ੍ਹਾਂ ਨੂੰ ਅਸਲੀ ਕਹਾਣੀ ਦਾ ਪਤਾ ਲੱਗਿਆ।

ਦੇਸਾਈ ਦੇ ਘਰ ਵਿੱਚ ਹੀ ਰਹਿਣ ਵਾਲੇ ਨੀਰਵ ਵਿਪਾਨੀ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਵਿੱਚ ਵੀ ਕਾਰਬਨ ਮੋਨੋਆਕਸਾਈਡ ਦਾ ਪੱਧਰ ਕਾਫੀ ਵੱਧ ਗਿਆ ਸੀ। ਫਿਰ ਫਾਇਰਫਾਈਟਰਜ਼ ਨੇ ਉਨ੍ਹਾਂ ਨੂੰ ਬਾਹਰ ਆਉਣ ਲਈ ਆਖਿਆ ਤੇ ਸਾਰੇ ਕਮਰੇ ਚੈੱਕ ਕੀਤੇ। ਫਿਰ ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਘਰ ਸੁਰੱਖਿਅਤ ਹੈ ਤੇ ਉਹ ਵਾਪਿਸ ਅੰਦਰ ਜਾ ਸਕਦੇ ਹਨ।

# ਸਿਟੀ ਆਫ ਬਰੈਂਪਟਨ ਖੋਲ੍ਹੇਗੀ ਨਵਾਂ ਰੀਜਨਲ ਆਟੋ-ਮੇਟਿਡ ਸਪੀਡ ਐਨਫੋਰਸਿੰਗ ਕੈਮਰਾ ਪ੍ਰੋਸੈਸਿੰਗ ਸੈਂਟਰ



ਬਰੈਂਪਟਨ, 19 ਦਸੰਬਰ (ਪੋਸਟ ਬਿਊਰੋ) : ਸਿਟੀ ਆਫ ਬਰੈਂਪਟਨ ਵੱਲੋਂ ਰੀਜਨਲ ਆਟੋਮੇਟਿਡ ਸਪੀਡ ਐਨਫੋਰਸਮੈਂਟ (ਏਐਸਈ) ਕੈਮਰਾ ਪ੍ਰੋਸੈਸਿੰਗ ਸੈਂਟਰ ਵਜੋਂ ਵਰਤਣ ਲਈ ਇਕ ਇਮਾਰਤ ਖਰੀਦਣ ਦਾ ਐਲਾਨ ਕੀਤਾ ਗਿਆ ਹੈ। ਇਹ ਇਮਾਰਤ 175 ਸੈਂਡਲਵੁੱਡ ਪਾਰਕਵੇਅ ਉੱਤੇ ਸਥਿਤ ਹੋਵੇਗੀ।

ਮੌਜੂਦਾ ਸਮੇਂ ਵਿੱਚ ਸਿਟੀ ਆਫ ਟੋਰਾਂਟੋ ਵੱਲੋਂ ਬਰੈਂਪਟਨ ਸਮੇਤ ਹੋਰਨਾਂ ਮਿਊਂਸਪੈਲਿਟੀਜ਼ ਨਾਲ ਜੁਆਂਇੰਟ ਪ੍ਰੋਸੈਸਿੰਗ ਸੈਂਟਰ ਆਪਰੇਟ ਕੀਤਾ ਜਾ ਰਿਹਾ ਹੈ ਜਿੱਥੇ ਸਿਟੀ ਦੇ ਏਐਸਈ ਕੈਮਰਾ ਇਮੇਜਿਜ਼ ਨੂੰ ਪ੍ਰੋਸੈੱਸ ਕੀਤਾ ਜਾਂਦਾ ਹੈ। ਥਾਂ, ਸਟਾਫ ਦੀ ਘਾਟ ਤੇ ਵੱਧ ਰਹੀ ਮੰਗ ਕਾਰਨ ਪ੍ਰੋਸੈੱਸ ਕੀਤੀਆਂ ਜਾਣ ਵਾਲੀਆਂ ਟਿਕਟਾਂ ਦੀ ਗਿਣਤੀ ਘੱਟ ਹੈ। ਜਿਸ ਤੋਂ ਭਾਵ ਹੈ ਕਿ ਬਰੈਂਪਟਨ ਵਿੱਚ ਇਸ ਸਮੇਂ ਲੱਗੇ ਹੋਏ 50 ਕੈਮਰੇ ਸਿਰਫ ਆਪਣੀ ਸਮਰੱਥਾ ਦੇ ਹਿਸਾਬ ਨਾਲ ਹੀ ਕੰਮ ਕਰ ਸਕਦੇ ਹਨ ਤੇ ਇਨ੍ਹਾਂ ਵਿੱਚੋਂ ਬਹੁਤੇ ਪ੍ਰੋਸੈਸਿੰਗ ਲਿਮਿਟੇਸ਼ਨਜ਼ ਕਾਰਨ ਦਿਨ ਦੇ ਦੋ ਘੰਟੇ ਹੀ ਕੰਮ ਕਰਦੇ ਹਨ। ਪਹਿਲੀ ਜੁਲਾਈ 2024 ਤੱਕ ਇਨ੍ਹਾਂ ਕੈਮਰਿਆਂ ਦੀ ਗਿਣਤੀ ਵਧਾ ਕੇ 150 ਕੀਤੀ ਜਾਵੇਗੀ।

ਨਵੇਂ ਪ੍ਰੋਸੈਸਿੰਗ ਸੈਂਟਰ ਨਾਲ ਨਿਰਧਾਰਤ ਰਫਤਾਰ ਦੀ ਉਲੰਘਣਾ ਕਰਨ ਵਾਲਿਆਂ ਨੂੰ ਜੁਰਮਾਨੇ ਲਾਉਣ ਵਿੱਚ ਮਦਦ ਮਿਲੇਗੀ ਤੇ ਇਸ ਸਥਿਤੀ ਵਿੱਚ ਸੁਧਾਰ ਆਵੇਗਾ। ਇਸ ਨਾਲ ਰੈਜ਼ੀਡੈਂਟਸ ਲਈ ਰੋਡ ਸੇਫਟੀ ਵਿੱਚ ਵੀ ਵਾਧਾ ਹੋਵੇਗਾ। ਪੂਰੇ ਅਮਲੇ ਵਾਲੇ ਪ੍ਰੋਸੈਸਿੰਗ ਸੈਂਟਰ ਦੀ ਬਦੌਲਤ ਸਿਟੀ ਆਫ ਬਰੈਂਪਟਨ ਜਿੱਥੇ ਤੇਜ਼ ਰਫਤਾਰੀ ਨੂੰ ਠੱਲ੍ਹ ਪਾ ਸਕੇਗੀ ਉੱਥੇ ਹੀ ਰੋਡ ਸੇਫਟੀ ਵਿੱਚ ਵਾਧਾ ਹੋਵੇਗਾ ਤੇ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆਂ ਤੋਂ ਵਸੂਲੇ ਜਾਣ ਵਾਲੇ ਜੁਰਮਾਨਿਆਂ ਵਿੱਚ ਵੀ ਵਾਧਾ ਹੋਵੇਗਾ। ਇਸ ਤੋਂ ਇਲਾਵਾ ਨਵੀਂ ਫੈਸਿਲਿਟੀ ਰੀਜਨਲ ਪ੍ਰੋਸੈਸਿੰਗ ਸੈਂਟਰ ਵਜੋਂ ਕੰਮ ਕਰੇਗੀ ਤੇ ਓਨਟਾਰੀਓ ਭਰ ਦੀਆਂ ਹੋਰਨਾਂ ਮਿਊਂਸਪੈਲਿਟੀਜ਼ ਦੀ ਮਦਦ ਕਰੇਗੀ।ਏਐਸਈ ਕੈਮਰਾ ਪ੍ਰੋਸੈਸਿੰਗ ਸੈਂਟਰ 2024 ਦੀਆਂ ਗਰਮੀਆਂ ਤੱਕ ਕੰਮ ਕਰਨ ਲੱਗੇਗਾ।

## ਭਾਰੀ ਬਰਫਬਾਰੀ ਕਾਰਨ ਦਰਹਾਮ ਦੇ ਸਕੂਲ ਬੋਰਡਜ਼ ਨੇ ਬੱਸਾਂ ਕੀਤੀਆਂ ਰੱਦ




ਦਰਹਾਮ, 19 ਦਸੰਬਰ (ਪੋਸਟ ਬਿਊਰੋ) : ਬੀਤੀ ਰਾਤ ਹੋਈ ਭਾਰੀ ਬਰਫਬਾਰੀ ਕਾਰਨ ਜੀਟੀਏ ਦੇ ਘੱਟੋ ਘੱਟ ਦੋ ਸਕੂਲ ਬੋਰਡਜ਼ ਵੱਲੋਂ ਮੰਗਲਵਾਰ ਨੂੰ ਬੱਸ ਰੂਟ ਰੱਦ ਕੀਤੇ ਜਾ ਰਹੇ ਹਨ।

ਟੋਰਾਂਟੋ ਤੇ ਹੈਮਿਲਟਨ ਲਈ ਰਾਤ ਸਮੇਂ ਮੌਸਮ ਖਰਾਬ ਹੋਣ ਕਾਰਨ ਟਰੈਵਲ ਐਡਵਾਈਜ਼ਰੀ ਜਾਰੀ ਕਰ ਦਿੱਤੀ ਗਈ ਸੀ। ਇੱਥੇ ਚਾਰ ਤੋਂ ਅੱਠ ਸੈਂਟੀਮੀਟਰ ਤੱਕ ਬਰਫਬਾਰੀ ਹੋਈ। ਪ੍ਰੋਵਿੰਸ ਦੇ ਹੋਰਨਾਂ ਹਿੱਸਿਆਂ ਵਿੱਚ ਵੀ ਬਰਫਬਾਰੀ ਸਬੰਧੀ ਚੇਤਾਵਨੀ ਜਾਰੀ ਰਹੇਗੀ। ਬੈਰੀ ਨੇੜੇ 10 ਤੋਂ 20 ਸੈਂਟੀਮੀਟਰ ਤੱਕ ਬਰਫਬਾਰੀ ਹੋਣ ਦੀ ਸੰਭਾਵਨਾ ਹੈ ਤੇ ਤੇਜ਼ ਹਵਾਵਾਂ 70 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਚੱਲ ਸਕਦੀਆਂ ਹਨ।

ਐਨਵਾਇਰਮੈਂਟ ਕੈਨੇਡਾ ਨੇ ਸੋਮਵਾਰ ਨੂੰ ਆਖਿਆ ਕਿ ਖਰਾਬ ਮੌਸਮ ਕਾਰਨ ਵਿਜ਼ਿਬਿਲਿਟੀ ਵੀ ਘਟੇਗੀ ਤੇ ਮੰਗਲਵਾਰ ਸਵੇਰੇ ਸੜਕਾਂ ਉੱਤੇ ਬਰਫ ਜੰਮਣ ਦੀ ਸੰਭਾਵਨਾ ਹੈ। 19 ਦਸੰਬਰ ਨੂੰ ਸਵੇਰੇ 6:30 ਵਜੇ ਸਿਰਫ ਦਰਹਾਮ ਰੀਜਨ ਦੇ ਸਕੂਲ ਬੋਰਡ ਵੱਲੋਂ ਹੀ ਬੱਸਾਂ ਰੱਦ ਕਰਨ ਦਾ ਐਲਾਨ ਕੀਤਾ ਗਿਆ। ਹਾਲਾਂਕਿ ਸਕੂਲ ਖੁੱਲ੍ਹੇ ਰਹਿਣਗੇ ਪਰ ਜ਼ੋਨ 1-3 ਵਿੱਚ ਬੱਸਾਂ ਨਹੀਂ ਚੱਲਣਗੀਆਂ। ਜ਼ੋਨ 4 ਵਿੱਚ ਕੰਮ ਕਾਜ ਜਾਰੀ ਰਹੇਗਾ। ਦਰਹਾਮ ਕੈਥੋਲਿਕ ਡਿਸਟ੍ਰਿਕਟ ਸਕੂਲ ਬੋਰਡ ਦਾ ਵੀ ਇਹੋ ਹਾਲ ਹੈ ਉੱਥੇ ਵੀ ਜ਼ੋਨ 1, ਜ਼ੋਨ 2 ਤੇ ਜ਼ੋਨ 3 ਵਿੱਚ ਬੱਸਾਂ ਰੱਦ ਕਰ ਦਿੱਤੀਆਂ ਗਈਆਂ ਹਨ।

## ਇਲੈਕਟ੍ਰਿਕ ਵਾਹਨਾਂ ਦੀ ਵਿੱਕਰੀ ਨੂੰ ਲਾਜ਼ਮੀ ਕਰਨ ਲਈ ਆਪਣੀ ਯੋਜਨਾ ਪੇਸ਼ ਕਰਨਗੇ ਗਿਲਬੋ



ਓਟਵਾ, 19 ਦਸੰਬਰ (ਪੋਸਟ ਬਿਊਰੋ) : ਐਨਵਾਇਰਮੈਂਟ ਮੰਤਰੀ ਸਟੀਵਨ ਗਿਲਬੋ ਅੱਜ ਇਹ ਦੱਸਣਗੇ ਕਿ ਕਿਸ ਤਰ੍ਹਾਂ ਕੈਨੇਡਾ ਵਿੱਚ ਗੈਸ ਨਾਲ ਚੱਲਣ ਵਾਲੀਆਂ ਗੱਡੀਆਂ ਦੀ ਵਿੱਕਰੀ ਹੌਲੀ ਹੌਲੀ ਖ਼ਤਮ ਕਰ ਦਿੱਤੀ ਜਾਵੇਗੀ।

ਇਲੈਕਟ੍ਰਿਕ ਗੱਡੀਆਂ ਦੀ ਵਿੱਕਰੀ ਨੂੰ ਲਾਜ਼ਮੀ ਬਣਾਉਣ ਲਈ ਰੈਗੂਲੇਸ਼ਨਜ਼ ਇਸ ਹਫਤੇ ਦੇ ਅਖੀਰ ਵਿੱਚ ਪਬਲਿਸ਼ ਕੀਤੇ ਜਾਣਗੇ। ਇਸ ਨਾਲ ਇਹ ਯਕੀਨੀ ਬਣਾਇਆ ਜਾਵੇਗਾ ਕਿ ਆਟੋ ਉਤਪਾਦਕ 2026 ਵਿੱਚ ਆਪਣੇ ਵੱਲੋਂ ਤਿਆਰ ਗੱਡੀਆਂ ਦਾ ਪੰਜਵਾਂ ਹਿੱਸਾ ਅਜਿਹੀਆਂ ਗੱਡੀਆਂ ਵਜੋਂ ਪੇਸ਼ ਕਰ ਸਕਣ ਜਿਹੜੀਆਂ ਪੂਰੀ ਤਰ੍ਹਾਂ ਇਲੈਕਟ੍ਰਿਕ ਹੋਣ ਜਾਂ ਪਲੱਗ ਇਨ ਹਾਈਬ੍ਰਿਡਜ਼ ਹੋਣ।

2030 ਵਿੱਚ ਇਸ ਨੂੰ ਦੁੱਗਣਾ ਵਧਾ ਦਿੱਤਾ ਜਾਵੇਗਾ ਤੇ 2035 ਤੱਕ ਕੈਨੇਡਾ ਵਿੱਚ ਵੇਚੇ ਜਾਣ ਵਾਲੇ ਸਾਰੇ ਵਾਹਨ ਜ਼ੀਰੋ ਪ੍ਰਦੂਸ਼ਣ ਫੈਲਾਉਣ ਵਾਲੇ ਹੋਣਗੇ। ਇਸ ਸਾਲ ਦੇ ਪਹਿਲੇ ਤਿੰਨ ਮਹੀਨਿਆਂ ਵਿੱਚ ਰਜਿਸਟਰ ਹੋਏ 10 ਵਿੱਚੋਂ ਇੱਕ ਵਾਹਨ ਇਲੈਕਟ੍ਰਿਕ ਸੀ।

## ਸਕੂਲ ਬੱਸ ਤੇ ਐਸਯੂਵੀ ਵਿੱਚ ਹੋਈ ਟੱਕਰ ਵਿੱਚ 2 ਹਲਾਕ, 3 ਜ਼ਖ਼ਮੀ



ਕੇਲਡਨ, 19 ਦਸੰਬਰ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਕੇਲਡਨ ਵਿੱਚ ਦੋ ਗੱਡੀਆਂ ਵਿਚਾਲੇ ਹੋਈ ਟੱਕਰ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ ਤੇ ਤਿੰਨ ਹੋਰ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਸਕੂਲ ਬੱਸ ਤੇ ਐਸਯੂਵੀ ਵਿੱਚ ਟੱਕਰ ਹੋਣ ਮਗਰੋਂ ਮੰਗਲਵਾਰ ਸਵੇਰੇ 7:50 ਉੱਤੇ ਐਮਰਜੰਸੀ ਅਮਲੇ ਨੂੰ ਹਾਰਟ ਲੇਕ ਤੇ ਮੇਅਫੀਲਡ ਰੋਡ ਉੱਤੇ ਸੱਦਿਆ ਗਿਆ।ਪੈਰਾਮੈਡਿਕਸ ਵੱਲੋਂ ਕੀਤੀ ਗਈ ਪੁਸ਼ਟੀ ਅਨੁਸਾਰ ਐਸਯੂਵੀ ਵਿੱਚ ਸਵਾਰ ਇੱਕ ਵਿਅਕਤੀ ਦੀ ਮੌਕੇ ਉੱਤੇ ਹੀ ਮੌਤ ਹੋ ਗਈ ਜਦਕਿ ਇੱਕ ਹੋਰ ਦੀ ਹਾਲਤ ਨਾਜ਼ੁਕ ਦੱਸੀ ਗਈ। ਕੇਲਡਨ ਓਪੀਪੀ ਸਾਰਜੈਂਟ ਜੋਅ ਬ੍ਰਿਸਬੌਇਸ ਨੇ ਦੱਸਿਆ ਕਿ ਇਹ ਕਾਫੀ ਤ੍ਰਾਸਦਿਕ ਘਟਨਾ ਹੈ ਤੇ ਇਹ ਹਾਲੀਡੇਅ ਸੀਜ਼ਨ ਦਰਮਿਆਨ ਵਾਪਰੀ ਹੈ, ਜਿਸ ਦਾ ਹੋਰ ਵੀ ਅਫਸੋਸ ਹੈ।

ਹਾਦਸੇ ਸਮੇਂ ਸਕੂਲ ਬੱਸ ਵਿੱਚ ਬਾਲਗ ਡਰਾਈਵਰ ਤੇ ਇੱਕ ਬੱਚਾ ਮੌਜੂਦ ਸਨ। ਦੋਵਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਤੇ ਉਨ੍ਹਾਂ ਨੂੰ ਹਸਪਤਾਲ ਵੀ ਨਹੀਂ ਲਿਜਾਇਆ ਗਿਆ। ਹਾਦਸੇ ਤੋਂ ਬਾਅਦ ਬੱਸ ਹਾਰਟ ਲੇਕ ਰੋਡ ਦੇ ਖੱਬੇ ਪਾਸੇ ਖੱਡ ਵਿੱਚ ਜਾ ਡਿੱਗੀ ਤੇ ਐਸਯੂਵੀ ਸੜਕ ਦੇ ਦੂਜੇ ਪਾਸੇ ਖੱਡ ਵਿੱਚ ਜਾ ਪਈ। ਹਾਦਸੇ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ ਤੇ ਪੁਲਿਸ ਅਜੇ ਵੀ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਹਾਦਸਾ ਕਿਉਂ ਵਾਪਰਿਆ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਪੋਪ ਫਰਾਂਸਿਸ ਨੇ ਸਮਲਿੰਗੀ ਜੋੜਿਆਂ ਨੂੰ ਆਸ਼ੀਰਵਾਦ ਦੇਣ ਦੀ ਪਾਦਰੀਆਂ ਨੂੰ ਦਿੱਤੀ ਮਨਜ਼ੂਰੀ



ਵੈਟੀਕਨ ਸਿਟੀ, 19 ਦਸੰਬਰ (ਪੋਸਟ ਬਿਊਰੋ): ਪੋਪ ਫਰਾਂਸਿਸ ਨੇ ਆਖਰਕਾਰ ਰੋਮਨ ਕੈਥੋਲਿਕ ਪਾਦਰੀਆਂ ਨੂੰ ਸਮਲਿੰਗੀ ਜੋੜਿਆਂ ਨੂੰ ਆਸ਼ੀਰਵਾਦ ਦੇਣ ਦੀ ਇਜਾਜ਼ਤ ਦੇ ਦਿੱਤੀ ਹੈ। ...ਬਾਕੀ ਪੰਨਾ 2 'ਤੇ


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Brokerage Lic. 12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਸਿਆਸਤ ਚੰਦਰੀ ਨਵਾਂ ਨਿੱਤ ਚੰਦ ਚਾੜ੍ਹੇ,
ਖਾਲੀ ਦਿਨ ਕੋਈ ਰਹੀ ਨਹੀਂ ਛੱਡ ਬੇਲੀ।
ਨਵੇਂ ਤੋਂ ਨਵਾਂ ਕੁਝ ਮੁੱਦਾ ਹੈ ਢੂੰਡ ਲੈਂਦੀ,
ਝੰਡਾ ਲੜਨ ਲਈ ਦੇਂਦੀ ਆ ਗੱਡ ਬੇਲੀ।
ਅਗਲੇ ਸਾਲ ਵਿੱਚ ਵੱਡੀ ਆ ਚੋਣ ਹੋਣੀ,
ਲੋਕੀਂ ਉਡੀਕ ਰਹੇ ਅੱਖੀਆਂ ਟੱਡ ਬੇਲੀ।
ਹਾਰਨਾ-ਜਿੱਤਣਾ ਓਦੋਂ ਫਿਰ ਲੀਡਰਾਂ ਨੇ,
ਵਰਕਰਾਂ ਤੱਤੇ ਕਰਾਉਣੇ ਈ ਹੱਡ ਬੇਲੀ।
ਕਸੂਤੀ ਲੀਹ ’ਤੇ ਪਿਆ ਹੈ ਲੋਕਤੰਤਰ,
ਸਿੱਧੀ ਸੜਕ’ਤੇ ਅਜੇ ਨਾ ਆਂਵਦਾ ਈ।
ਬਣ ਕੇ ਚੰਗਾ ਤਾਂ ਜਿੱਤਦਾ ਹਰ ਲੀਡਰ,
ਚੋਣ ਜਿੱਤ ਦਾ ਬਦਲ ਫਿਰ ਜਾਂਵਦਾ ਈ।

**ਤੀਸ ਮਾਰ ਖਾਂ**

# ਤਾਮਿਲਨਾਡੂ ਵਿਚ ਹੜ੍ਹ ਕਾਰਨ 3 ਜਣਿਆਂ ਦੀ ਮੌਤ, ਟਰੇਨ ਵਿਚ ਫਸੇ ਲਗਭਗ 800 ਯਾਤਰੀਆਂ ਨੂੰ ਕੱਢਣ ਦੇ ਚੱਲ ਰਹੇ ਯਤਨ



ਨਵੀਂ ਦਿੱਲੀ, 19 ਦਸੰਬਰ (ਪੋਸਟ ਬਿਊਰੋ): ਤਾਮਿਲਨਾਡੂ ਦੇ ਦੱਖਣੀ ਇਲਾਕੇ ਦੇ ਲੋਕ ਇਨ੍ਹੀਂ ਦਿਨੀਂ ਹੜ੍ਹ ਵਰਗੀ ਸਥਿਤੀ ਦਾ ਸਾਹਮਣਾ ਕਰ ਰਹੇ ਹਨ। ਦਰਅਸਲ, ਇਨ੍ਹਾਂ ਜ਼ਿਲ੍ਹਿਆਂ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਭਾਰੀ ਮੀਂਹ ਪੈ ਰਿਹਾ ਹੈ। ਇਸ ਕਾਰਨ ਕਈ ਇਲਾਕੇ ਪਾਣੀ ਵਿਚ ਡੁੱਬ ਗਏ ਹਨ। ਰਿਪੋਰਟਾਂ ਮੁਤਾਬਕ ਤਾਮਿਲਨਾਡੂ ਵਿੱਚ ਮੀਂਹ ਅਤੇ ਹੜ੍ਹ ਕਾਰਨ ਪੈਦਾ ਹੋਏ ਹਲਾਤਾਂ ਵਿੱਚ ਤਿੰਨ ਜਣਿਆਂ ਦੀ ਮੌਤ ਹੋ ਗਈ ਹੈ। ਤਾਮਿਲਨਾਡੂ ਦੇ ਥੂਥੂਕੁਡੀ ਜ਼ਿਲ੍ਹੇ ਵਿੱਚ ਐਤਵਾਰ ਨੂੰ ਕਈ ਥਾਂਵਾਂ ’ਤੇ 525 ਮਿਲੀਮੀਟਰ ਬਾਰਿਸ਼ ਹੋਈ। ਹੜ੍ਹ ਕਾਰਨ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਮੌਸਮ ਵਿਭਾਗ ਦੀ ਤਾਜ਼ਾ ਭਵਿੱਖਬਾਣੀ ਨੇ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀਆਂ ਮੁਸ਼ਕਿਲਾਂ ਹੋਰ ਵਧਾ ਦਿੱਤੀਆਂ ਹਨ। ਹਵਾਈ ਸੈਨਾ ਦੇ ਹੈਲੀਕਾਪਟਰਾਂ ਦੁਆਰਾ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫੂਡ ਪੈਕੇਟ ਅਤੇ ਹੋਰ ਜ਼ਰੂਰੀ ਵਸਤੂਆਂ ਸੁੱਟੀਆਂ ਜਾ ਰਹੀਆਂ ਹਨ।

ਤਾਮਿਲਨਾਡੂ ਦੇ ਦੱਖਣੀ ਇਲਾਕਿਆਂ ਵਿੱਚ ਭਾਰੀ ਮੀਂਹ ਕਾਰਨ ਰੇਲ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਪਿਛਲੇ 24 ਘੰਟਿਆਂ ਵਿੱਚ ਲਗਭਗ 670 ਮਿਲੀਮੀਟਰ ਅਤੇ 932 ਮਿਲੀਮੀਟਰ ਬਾਰਸ਼ ਕਾਰਨ ਰੇਲ ਸੇਵਾਵਾਂ ਵਿੱਚ ਵਿਘਨ ਪਿਆ ਹੈ। ਕਈ ਸਟੇਸ਼ਨਾਂ ’ਤੇ ਪਾਣੀ ਭਰ ਗਿਆ ਹੈ। ਇਸ ਦੇ ਨਾਲ ਹੀ, ਰੇਲ ਸੇਵਾਵਾਂ ਵਿੱਚ ਵਿਘਨ ਅਤੇ ਭਾਰੀ ਮੀਂਹ ਕਾਰਨ ਤਿਰੂਚੇਂਦੁਰ ਅਤੇ ਤਿਰੂਨੇਲਵੇਲੀ ਸਟੇਸ਼ਨਾਂ ਦੇ ਵਿਚਕਾਰ ਚੱਲਣ ਵਾਲੀ ਰੇਲਗੱਡੀ ਵਿੱਚ 800 ਯਾਤਰੀ ਫਸ ਗਏ ਹਨ, ਜਿਨ੍ਹਾਂ ਨੂੰ ਸਥਾਨਕ ਜ਼ਿਲ੍ਹਾ ਪ੍ਰਸ਼ਾਸਨ ਅਤੇ ਐੱਨ.ਡੀ.ਆਰ.ਐੱਫ. ਦੀ ਮੱਦਦ ਨਾਲ ਸੁਰੱਖਿਅਤ ਥਾਂਵਾਂ ’ਤੇ ਪਹੁੰਚਾਉਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

ਐੱਨ.ਡੀ.ਆਰ.ਐੱਫ. ਨੇ ਕਿਹਾ ਹੈ ਕਿ ਉਸ ਦੀਆਂ ਦੋ ਟੀਮਾਂ ਫਸੇ ਹੋਏ ਰੇਲਵੇ ਯਾਤਰੀਆਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਹਵਾਈ ਸੈਨਾ ਹੜ੍ਹ ਪ੍ਰਭਾਵਿਤ ਇਲਾਕਿਆਂ ਤੋਂ ਨਾਗਰਿਕਾਂ ਨੂੰ ਸੁਰੱਖਿਅਤ ਕੱਢਣ ਲਈ ਆਪਰੇਸ਼ਨ ਚਲਾ ਰਹੀ ਹੈ। ਨਾਗਰਿਕਾਂ ਨੂੰ ਏਅਰ ਲਿਫਟ ਕੀਤਾ ਜਾ ਰਿਹਾ ਹੈ। ਇੱਕ ਗਰਭਵਤੀ ਔਰਤ ਅਤੇ ਡੇਢ ਸਾਲ ਦੀ ਬੱਚੀ ਸਮੇਤ ਚਾਰ ਯਾਤਰੀਆਂ ਨੂੰ ਹਵਾਈ ਸੈਨਾ ਨੇ ਸੁਰੱਖਿਅਤ ਬਚਾ ਲਿਆ।

# ਚੀਨੀ ਕੰਪਨੀ ਦੀ ਨਵੀਂ ਸਕੀਮ: ਹਰ ਮਹੀਨੇ ਵਰਕਰਾਂ ਨੂੰ 50 ਕਿਲੋਮੀਟਰ ਦੌੜਨ ’ਤੇ ਕੰਪਨੀ ਦੇਵੇਗੀ ਬੋਨਸ



ਬੀਜਿੰਗ, 19 ਦਸੰਬਰ (ਪੋਸਟ ਬਿਊਰੋ): ਕਾਰਪੋਰੇਟ ਕੰਪਨੀਆਂ 'ਚ ਫਿਟਨੈੱਸ ਬਰਕਰਾਰ ਰੱਖਣ ਲਈ ਕਈ ਯਤਨ ਕੀਤੇ ਜਾ ਰਹੇ ਹਨ। ਬੈਠ ਕੇ ਕੰਮ ਕਰਨ ਨਾਲ ਕਈ ਸਿਹਤ ਸਮੱਸਿਆਵਾਂ ਹੋ ਸਕਦੀਆਂ ਹਨ। ਅਜਿਹੇ ਵਿਚ ਕੰਪਨੀਆਂ ਆਪਣੇ ਕਰਮਚਾਰੀਆਂ ਦੀ ਫਿਟਨੈੱਸ ਲਈ ਕਈ ਉਪਾਅ ਕਰਨ ਦੀ ਕੋਸ਼ਿਸ਼ ਕਰਦੀਆਂ ਹਨ। ਅਜਿਹਾ ਹੀ ਇਕ ਹੱਲ ਚੀਨ ਦੀ ਇਕ ਕੰਪਨੀ ਨੇ ਅਪਣਾਇਆ ਹੈ। ਇਸ ਚੀਨੀ ਕੰਪਨੀ ਨੇ ਆਪਣੇ ਕਰਮਚਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਕੀਮ ਸ਼ੁਰੂ ਕੀਤੀ ਹੈ। ਇਸ ਸਕੀਮ ਤਹਿਤ ਹਰ ਮਹੀਨੇ ਤਨਖਾਹ ਦੇ ਨਾਲ ਵਧੀਆ ਬੋਨਸ ਵੀ ਦਿੱਤਾ ਜਾਵੇਗਾ। ਇਸ ਲਈ ਸ਼ਰਤ ਇਹ ਹੈ ਕਿ ਉਨ੍ਹਾਂ ਨੂੰ ਹਰ ਮਹੀਨੇ 50 ਕਿਲੋਮੀਟਰ ਦੌੜਨਾ ਹੋਵੇਗਾ।

ਚੀਨ ਸਥਿਤ ਗੁਆਂਗਡੋਂਗ ਡੋਂਗਪੋ ਕੰਪਨੀ ਨੇ ਕਰਮਚਾਰੀਆਂ ਨੂੰ ਉਨ੍ਹਾਂ ਦੀ ਨਿਯਮਤ ਤਨਖਾਹ ਤੋਂ ਇਲਾਵਾ ਬੋਨਸ ਪ੍ਰਾਪਤ ਕਰਨ ਦਾ ਮੌਕਾ ਦੇਣ ਦੀ ਕੋਸ਼ਿਸ਼ ਕੀਤੀ ਹੈ। ਇਸ ਤੋਂ ਇਲਾਵਾ ਕਰਮਚਾਰੀਆਂ ਨੂੰ ਸਰੀਰਕ ਤੌਰ 'ਤੇ ਮਜ਼ਬੂਤ ਬਣਾਉਣ ਲਈ 50 ਕਿਲੋਮੀਟਰ ਦੌੜਨ ਲਈ ਬੋਨਸ ਦੇਣ ਦੀ ਯੋਜਨਾ ਵੀ ਤਿਆਰ ਕੀਤੀ ਹੈ। ਚੀਨ ਦੀ ਇਹ ਅੰਗਡੋਂਗ ਡੋਂਗਪੋ ਕੰਪਨੀ ਕਾਗਜ਼ ਬਣਾਉਣ ਵਾਲੀ ਕੰਪਨੀ ਹੈ।

# ਪੋਪ ਫਰਾਂਸਿਸ ਨੇ ਸਮਲਿੰਗੀ ਜੋੜਿਆਂ ਨੂੰ ਆਸ਼ੀਰਵਾਦ ਦੇਣ ਦੀ ਪਾਦਰੀਆਂ ਨੂੰ ਦਿੱਤੀ ਮਨਜ਼ੂਰੀ

ਪੰਨਾ 1 ਦਾ ਬਾਕੀ



ਇਹ ਮਨਜ਼ੂਰੀ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਸਿਰਫ਼ ਦੋ ਸਾਲ ਪਹਿਲਾਂ ਵੈਟੀਕਨ ਸਿਟੀ ਸਥਿਤ ਪੋਪ ਦੇ ਦਫ਼ਤਰ ਤੋਂ ਜਾਰੀ ਇੱਕ ਬਿਆਨ ਵਿੱਚ ਸਮਲਿੰਗੀ ਵਿਆਹ ਨੂੰ ਪਾਪ ਦੱਸਿਆ ਗਿਆ ਸੀ।

ਹਾਲਾਂਕਿ, ਹੁਣ ਵੈਟੀਕਨ ਸਿਟੀ ਨੇ ਕਿਹਾ ਹੈ ਕਿ ਹਰ ਕਿਸੇ ਨੂੰ ਰੱਬ ਦੀਆਂ ਅਸੀਸਾਂ ਅਤੇ ਉਸ ਦਾ ਪਿਆਰ ਪ੍ਰਾਪਤ ਕਰਨ ਦਾ ਅਧਿਕਾਰ ਹੈ।

ਇੱਕ ਰਿਪੋਰਟ ਅਨੁਸਾਰ ਐੱਲਜੀਬੀਟੀਕਿਊ+ ਭਾਈਚਾਰੇ ਲਈ ਪੋਪ ਫਰਾਂਸਿਸ ਦਾ ਆਦੇਸ਼ ਚਰਚ ਦੇ ਰਵੱਈਏ ਅਤੇ ਦ੍ਰਿਸ਼ਟੀਕੋਣ ਵਿੱਚ ਇੱਕ ਵੱਡੀ ਤਬਦੀਲੀ ਦਾ ਸਪੱਸ਼ਟ ਸੰਕੇਤ ਹੈ। ਹਾਲਾਂਕਿ, ਇਹ ਚਰਚ ਦੀ ਆਮ ਰਸਮ ਦਾ ਹਿੱਸਾ ਨਹੀਂ ਹੋਵੇਗਾ। ਇਸ ਸਬੰਧੀ ਵੈਟੀਕਨ ਵਲੋਂ ਤਿਆਰ ਦਸਤਾਵੇਜ਼ ਨੂੰ ਪੋਪ ਫਰਾਂਸਿਸ ਨੇ ਸੋਮਵਾਰ ਨੂੰ ਮਨਜ਼ੂਰੀ ਦਿੱਤੀ।

# ਲੁਟੇਰਿਆਂ ਨੇ ਵਪਾਰੀ ਦੀ ਭੈਣ ਨੂੰ ਫਾਹੇ ’ਤੇ ਲਟਕਾਇਆ, ਗੱਡੀ ਵਿਚ 6 ਬੋਰੀਆਂ ਵਿਚ ਲੈ ਗਏ ਨਕਦੀ ਅਤੇ ਸੋਨਾ



ਬਾਰਾਬੰਕੀ, 19 ਦਸੰਬਰ (ਪੋਸਟ ਬਿਊਰੋ): ਲਖਨਊ ਨੇੜੇ ਬਾਰਾਬੰਕੀ ਵਿੱਚ ਇੱਕ ਭਾਂਡੇ ਵਪਾਰੀ ਦੇ ਪਰਿਵਾਰ ਨੂੰ ਬੰਧਕ ਬਣਾ ਕੇ ਲੁੱਟ ਦੀ ਘਟਨਾ ਵਾਪਰੀ ਹੈ। ਪੰਜ ਹਥਿਆਰਬੰਦ ਲੁਟੇਰੇ ਵਪਾਰੀ ਦੇ ਘਰ ਦਾਖਲ ਹੋਏ। ਉਸਦੀ ਭੈਣ ਨੂੰ ਗਲੇ ਵਿੱਚ ਫਾਹਾ ਪਾ ਕੇ ਲਟਕਾ ਦਿੱਤਾ ਗਿਆ ਸੀ। ਫਿਰ ਉਸ ਨੂੰ ਕਿਹਾ ਕਿ ਸੋਨਾ, ਚਾਂਦੀ ਅਤੇ ਨਕਦੀ ਕਿੱਥੇ ਰੱਖੀ ਹੈ, ਦੱਸੋ, ਨਹੀਂ ਤਾਂ ਭੈਣ ਨੂੰ ਮਾਰ ਦੇਵਾਂਗੇ।

ਇਸ ਤੋਂ ਬਾਅਦ 3 ਘੰਟੇ ਤੱਕ ਘਰ ਲੁੱਟਿਆ ਗਿਆ। 5-6 ਬੋਰੀਆਂ ਵਿੱਚ ਸੋਨਾ, ਚਾਂਦੀ, ਨਕਦੀ ਅਤੇ ਹੋਰ ਸਮਾਨ ਭਰਿਆ ਹੋਇਆ ਸੀ। ਇਸ ਤੋਂ ਬਾਅਦ ਉਹ ਇਨੋਵਾ ਵਿਚ ਸਵਾਰ ਹੋ ਕੇ ਭੱਜ ਗਏ। ਕਾਰੋਬਾਰੀ ਦਾ ਕਹਿਣਾ ਹੈ ਕਿ ਬਦਮਾਸ਼ ਕਰੋੜਾਂ ਦਾ ਸਾਮਾਨ ਲੈ ਗਏ ਹਨ। ਲੁਟੇਰਿਆਂ ਦੇ ਜਾਣ ਤੋਂ ਬਾਅਦ ਕਾਰੋਬਾਰੀ ਨੇ ਗੁਆਂਢੀਆਂ ਨੂੰ ਬੁਲਾ ਕੇ ਪਰਿਵਾਰ ਨੂੰ ਛੁਡਵਾਇਆ।

ਘਟਨਾ ਵਾਲੀ ਥਾਂ ਕੋਤਵਾਲੀ ਇਲਾਕੇ ਦਾ ਟਿਕੈਤਗੰਜ ਕਸਬਾ ਹੈ। ਮੌਕੇ ’ਤੇ ਪੁੱਜੇ ਏ.ਐੱਸ.ਪੀ. ਨੇ ਦੱਸਿਆ ਕਿ ਭਾਂਡੇ ਕਾਰੋਬਾਰੀ ਸ਼ਿਵ ਕੁਮਾਰ ਨਿਗਮ ਨਾਲ ਘਟਨਾ ਵਾਪਰੀ ਹੈ। ਸ਼ਿਵ ਕੁਮਾਰ ਸੋਨੇ-ਚਾਂਦੀ ਦੇ ਗਹਿਣੇ ਗਿਰਵੀ ਰੱਖ ਕੇ ਵਿਆਜ 'ਤੇ ਪੈਸੇ ਦਿੰਦਾ ਸੀ। ਉਸ ਦੀ ਭਾਂਡਿਆਂ ਦੀ ਦੁਕਾਨ ਘਰ ਦੇ ਸਾਹਮਣੇ ਹੈ। ਉਹ ਪਿਛਲੇ ਪਾਸੇ ਆਪਣੀਆਂ ਦੋ ਭੈਣਾਂ ਨਾਲ ਰਹਿੰਦਾ ਹੈ। ਕਾਰੋਬਾਰੀ ਅਤੇ ਉਸ ਦੀਆਂ ਦੋ ਭੈਣਾਂ ਦਾ ਵਿਆਹ ਨਹੀਂ ਹੋਇਆ ਹੈ।

# ਭਾਜਪਾ ਵਲੋਂ ਕੰਗਨਾ ਰਣੌਤ ਲੋਕਸਭਾ ਚੋਣ ਲੜੇਗੀ



ਮਨਾਲੀ, 19 ਦਸੰਬਰ (ਪੋਸਟ ਬਿਊਰੋ): ਬਾਲੀਵੁੱਡ ਅਦਾਕਾਰਾ ਕੰਗਨਾ ਰਣੌਤ, ਜੋ ਹਿਮਾਚਲ ਦੀ ਰਹਿਣ ਵਾਲੀ ਹੈ, ਆਉਣ ਵਾਲੀਆਂ ਲੋਕ ਸਭਾ ਚੋਣਾਂ ਲੜੇਗੀ। ਉਨ੍ਹਾਂ ਦੇ ਪਿਤਾ ਅਮਰਦੀਪ ਰਣੌਤ ਨੇ ਇਸ ਮਾਮਲੇ ਨੂੰ ਮਨਜ਼ੂਰੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕੰਗਨਾ ਭਾਜਪਾ ਦੀ ਟਿਕਟ 'ਤੇ ਚੋਣ ਲੜੇਗੀ, ਪਰ ਪਾਰਟੀ ਲੀਡਰਸ਼ਿਪ ਨੇ ਫੈਸਲਾ ਕਰਨਾ ਹੈ ਕਿ ਉਹ ਕਿੱਥੋਂ ਚੋਣ ਲੜੇਗੀ। ਕੰਗਨਾ ਨੇ ਦੋ ਦਿਨ ਪਹਿਲਾਂ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇ.ਪੀ. ਨੱਡਾ ਨਾਲ ਉਨ੍ਹਾਂ ਦੇ ਕੁੱਲੂ ਸਥਿਤ ਘਰ ਵਿਚ ਮੁਲਾਕਾਤ ਵੀ ਕੀਤੀ ਸੀ। ਮੀਟਿੰਗ ਤੋਂ ਬਾਅਦ ਉਨ੍ਹਾਂ ਦੇ ਚੋਣ ਲੜਨ ਦੀਆਂ ਚਰਚਾਵਾਂ ਤੇਜ਼ ਹੋ ਗਈਆਂ ਪਰ ਹੁਣ ਉਨ੍ਹਾਂ ਦੇ ਪਿਤਾ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਕੰਗਨਾ ਚੋਣ ਲੜੇਗੀ।


REXDALE FINANCIAL SERVICES
WE HELP YOU START, GROW AND SUCCEED

We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009

ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT

ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'

MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!

Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed

19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047





TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9





ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com








ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com








ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾਂ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936



# ਮੁੱਖ ਮੰਤਰੀ ਵਲੋਂ ਕਿਸਾਨਾਂ ਦੇ ਬਕਾਇਆ ਮਸਲਿਆਂ ਦੇ 31 ਮਾਰਚ ਤੱਕ ਹੱਲ ਲਈ ਕਮੇਟੀ ਦਾ ਗਠਨ

## * ਸੂਬੇ ਦੇ ਪਾਣੀ ਦੀ ਹਰੇਕ ਬੂੰਦ ਬਚਾਉਣ ਦੀ ਵਚਨਬੱਧਤਾ ਦੁਹਰਾਈ *ਪੰਜਾਬ ਭਵਨ ਵਿਚ ਕਿਸਾਨ ਯੂਨੀਅਨਾਂ ਨਾਲ ਮੀਟਿੰਗ ਦੀ ਕੀਤੀ ਪ੍ਰਧਾਨਗੀ



ਚੰਡੀਗੜ੍ਹ, 19 ਦਸੰਬਰ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਲੇ ਕਾਨੂੰਨਾਂ ਵਿਰੁੱਧ ਸੰਘਰਸ਼ ਦੌਰਾਨ ਸ਼ਹੀਦੀਆਂ ਪ੍ਰਾਪਤ ਕਰਨ ਵਾਲੇ ਕਿਸਾਨਾਂ ਦੇ ਵਾਰਸਾਂ ਨੂੰ ਮੁਆਵਜ਼ੇ ਤੇ ਨੌਕਰੀਆਂ ਸਮੇਤ ਹੋਰ ਲਟਕਦੇ ਮਸਲਿਆਂ ਦੇ ਹੱਲ ਲਈ ਇਕ ਕਮੇਟੀ ਦਾ ਗਠਨ ਕਰ ਦਿੱਤਾ।

ਇੱਥੇ ਪੰਜਾਬ ਭਵਨ ਵਿਚ ਵੱਖ-ਵੱਖ ਕਿਸਾਨ ਜੱਥੇਬੰਦੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਕਮੇਟੀ ਦੀ ਅਗਵਾਈ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਕਰਨਗੇ, ਜਦੋਂਕਿ ਸੀਨੀਅਰ ਆਈ.ਏ.ਐੱਸ. ਅਧਿਕਾਰੀ ਅਤੇ ਕਿਸਾਨ ਜੱਥੇਬੰਦੀਆਂ ਦੇ ਨੁਮਾਇੰਦੇ ਤੇ ਖੇਤੀਬਾੜੀ ਮਾਹਰ ਮੈਂਬਰਾਂ ਵਜੋਂ ਸ਼ਾਮਿਲ ਹੋਣਗੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਛੇਤੀ ਤੋਂ ਛੇਤੀ ਪੂਰੀਆਂ ਕਰਨੀਆਂ ਯਕੀਨੀ ਬਣਾਉਣ ਲਈ ਇਹ ਕਮੇਟੀ 31 ਮਾਰਚ 2024 ਤੱਕ ਆਪਣੀ ਰਿਪੋਰਟ ਨੂੰ ਅੰਤਿਮ ਰੂਪ ਦੇਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਅੰਨਦਾਤਿਆਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਕ ਹੋਰ ਏਜੰਡੇ ਬਾਰੇ ਚਰਚਾ ਦੌਰਾਨ ਮੁੱਖ ਮੰਤਰੀ ਨੇ ਪੰਜਾਬ ਕੋਲ ਹੋਰ ਰਾਜਾਂ ਲਈ ਪਾਣੀ ਦੀ ਇਕ ਬੂੰਦ ਵੀ ਵਾਧੂ ਨਾ ਹੋਣ ਦੀ ਗੱਲ ਦੁਹਰਾਉਂਦਿਆਂ ਕਿਹਾ ਕਿ ਉਹ 28 ਦਸੰਬਰ ਨੂੰ ਕੇਂਦਰੀ ਜਲ ਸਰੋਤ ਮੰਤਰੀ ਵਲੋਂ ਸੱਦੀ ਮੀਟਿੰਗ ਵਿਚ ਜ਼ਰੂਰ ਸ਼ਾਮਿਲ ਹੋਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੀਟਿੰਗ ਵਿਚ ਉਹ ਪੰਜਾਬ ਦਾ ਪੱਖ ਪੁਖ਼ਤਗੀ ਨਾਲ ਕੇਂਦਰ ਸਰਕਾਰ ਅੱਗੇ ਰੱਖਣਗੇ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਕਿਸੇ ਹੋਰ ਰਾਜ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ ਅਤੇ ਮੀਟਿੰਗ ਵਿਚ ਇਹ ਗੱਲ ਜ਼ੋਰਦਾਰ ਢੰਗ ਨਾਲ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਉਹ ਕਿਸੇ ਤੋਂ ਡਰਦੇ ਨਹੀਂ ਹਨ ਅਤੇ ਕੇਂਦਰ ਸਰਕਾਰ ਵਲੋਂ ਸੱਦੀ ਮੀਟਿੰਗ ਦੌਰਾਨ ਉਹ ਸੂਬੇ ਦੇ ਹਿੱਤਾਂ ਦੀ ਰਾਖੀ ਕਰਨਗੇ।

ਮੁੱਖ ਮੰਤਰੀ ਨੇ ਪਹਿਲੀ ਜਨਵਰੀ ਤੋਂ 13 ਅਪ੍ਰੈਲ ਤੱਕ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ, ਜਿਸ ਦੌਰਾਨ ਜ਼ਮੀਨ ਦੀ ਸਹਿਮਤੀ ਨਾਲ ਤਕਸੀਮ ਕਰਨ ਲਈ ਪਿੰਡਾਂ ਵਿਚ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਜੇ ਕਿਸਾਨਾਂ ਦਾ ਜ਼ਮੀਨ ਦੀ ਮਾਲਕੀ ਬਾਰੇ ਕੋਈ ਵਿਵਾਦ ਨਹੀਂ ਹੋਵੇਗਾ, ਉੱਥੇ ਜ਼ਮੀਨ ਦੀ ਮਲਕੀਅਤ ਕਬਜ਼ੇ ਦੇ ਆਧਾਰ ’ਤੇ ਕਰ ਦਿੱਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿਹੜੇ ਕਿਸਾਨ ਸਹਿਮਤੀ ਨਾਲ ਜ਼ਮੀਨ ਦੀ ਤਕਸੀਮ ਕਰਵਾਉਣਾ ਚਾਹੁੰਦੇ ਹਨ, ਉਨ੍ਹਾਂ ਨੂੰ ਇਸ ਨਾਲ ਕਾਫ਼ੀ ਲਾਭ ਹੋਵੇਗਾ।

ਇਕ ਹੋਰ ਕਿਸਾਨ ਪੱਖੀ ਫੈਸਲੇ ਵਿਚ ਮੁੱਖ ਮੰਤਰੀ ਨੇ ਪਿੰਡਾਂ ਵਿਚ ਸਹਿਕਾਰੀ ਸਭਾਵਾਂ ਵਿੱਚ ਨਵੇਂ ਖਾਤੇ ਖੋਲ੍ਹਣ ’ਤੇ ਲੱਗੀ ਰੋਕ ਹਟਾਉਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਹੁਣ ਕਿਸਾਨ ਇਨ੍ਹਾਂ ਸਭਾਵਾਂ ਵਿਚ ਆਪਣੇ ਖਾਤੇ ਖੋਲ੍ਹ ਸਕਦੇ ਹਨ ਜਿਸ ਨਾਲ ਉਨ੍ਹਾਂ ਨੂੰ ਵੱਡਾ ਲਾਭ ਮਿਲੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੇ ਅੰਤ ਤੱਕ ਕਿਸਾਨਾਂ ਦਾ ਹਰ ਤਰ੍ਹਾਂ ਦਾ ਬਕਾਇਆ ਮੁਆਵਜ਼ਾ ਜਾਰੀ ਕਰ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਸਰਹਿੰਦ ਫੀਡਰ ਦੀਆਂ ਟੇਲਾਂ ’ਤੇ ਪਾਣੀ ਮੁਹੱਈਆ ਕਰਵਾਉਣ ਲਈ ਲਾਏ ਗਏ 242 ਲਿਫਟ ਪੰਪਾਂ ਨੂੰ ਇਕ ਜਨਵਰੀ ਤੋਂ ਮੁਫ਼ਤ ਬਿਜਲੀ ਮਿਲਣੀ ਸ਼ੁਰੂ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਅਵਾਰਾ ਅਤੇ ਜੰਗਲੀ ਜਾਨਵਰਾਂ ਨਾਲ ਨਜਿੱਠਣ ਲਈ ਸਰਕਾਰ ਕਿਸਾਨਾਂ ਨੂੰ ਪਰਮਿਟ ਦੇਣ ’ਤੇ ਵਿਚਾਰ ਕਰ ਰਹੀ ਹੈ ਕਿਉਂ ਜੋ ਇਹ ਜਾਨਵਰ ਕਿਸਾਨਾਂ ਦੀਆਂ ਫਸਲਾਂ ਦਾ ਉਜਾੜਾ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੇ ਸਹਿਕਾਰੀ ਬੈਂਕਾਂ ਦੇ ਕਰਜ਼ੇ ਦੇ ਯਕਮੁਸ਼ਤ ਨਿਪਟਾਰੇ ਦੇ ਮਸਲੇ ਨੂੰ ਨਾਬਾਰਡ ਕੋਲ ਵਿਚਾਰੇਗੀ।

ਇਕ ਹੋਰ ਮਸਲੇ ’ਤੇ ਮੁੱਖ ਮੰਤਰੀ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਸੂਬੇ ਵਿਚ ਬਿਜਲੀ ਦੀ ਵੰਡ ਦਾ ਕੰਮ ਕਿਸੇ ਪ੍ਰਾਈਵੇਟ ਏਜੰਸੀ ਨੂੰ ਨਹੀਂ ਦਿੱਤਾ ਜਾਵੇਗਾ। ਇਕ ਹੋਰ ਮਾਮਲੇ ’ਤੇ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਘੱਟੋ-ਘੱਟ ਸਮਰਥਨ ਮੁੱਲ ਕਿਸਾਨਾਂ ਦਾ ਹੱਕ ਹੈ ਅਤੇ ਸੂਬਾ ਸਰਕਾਰ ਕਿਸਾਨਾਂ ਦੀ ਸਹਾਇਤਾ ਲਈ ਹਰੇਕ ਕਦਮ ਚੁੱਕੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਲਈ ਫਸਲ ਦਾ ਸਮਰਥਨ ਮੁੱਲ ਯਕੀਨੀ ਬਣਾਉਣ ਲਈ ਕਾਨੂੰਨੀ, ਪ੍ਰਸ਼ਾਸਕੀ ਅਤੇ ਸਾਰੇ ਢੰਗ-ਤਰੀਕਿਆਂ ਰਾਹੀਂ ਕਿਸਾਨਾਂ ਦੇ ਨਾਲ ਡਟ ਕੇ ਖੜ੍ਹੇਗੀ।






ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐੱਸਸੀ, ਐਮਐੱਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com










20-27 ਦਸੰਬਰ ਦੇ ਸ਼ਹੀਦੀ ਹਫ਼ਤੇ 'ਤੇ ਵਿਸ਼ੇਸ

# "ਚਾਰ ਮੂਏ ਤੋ ਕਿਆ ਭਇਆ.."



ਡਾ. ਸੁਖਦੇਵ ਸਿੰਘ ਝੰਡ
ਫ਼ੋਨ: 647-567-9128

ਇਨ ਪੁਤਰਨ ਕੇ ਸੀਸ ਪੇ
ਵਾਰ ਦੀਏ ਸੁਤ ਚਾਰ।
ਚਾਰ ਮੂਏ ਤੋ ਕਿਆ ਭਇਆ
ਜੀਵਤ ਕਈ ਹਜ਼ਾਰ।।

ਚੋਹਾਂ ਸਾਹਿਬਜ਼ਾਦਿਆਂ ਅਜੀਤ ਸਿੰਘ, ਜੁਝਾਰ ਸਿੰਘ, ਜ਼ੋਰਾਵਰ ਸਿੰਘ ਤੇ ਫ਼ਤਿਹ ਸਿੰਘ ਜੀ ਦੇ ਸ਼ਹੀਦੀਆਂ ਪਾ ਜਾਣ ਬਾਅਦ ਜਦੋਂ ਦਿੱਲੀ ਤੋਂ ਭਾਈ ਮਨੀ ਸਿੰਘ ਜੀ ਦੇ ਨਾਲ 'ਨੰਦੇੜ' (ਹੁਣ, ਸ੍ਰੀ ਹਜ਼ੂਰ ਸਾਹਿਬ) ਗਏ ਮਾਤਾ ਸੁੰਦਰੀ ਜੀ ਤੇ ਮਾਤਾ ਜੀਤੋ ਜੀ ਗੁਰੂ ਗੋਬਿੰਦ ਸਿੰਘ ਜੀ ਨੂੰ ਮਿਲੇ ਤਾਂ ਮਾਤਾ ਸੁੰਦਰੀ ਜੀ ਵੱਲੋਂ ਕੀਤੇ ਗਏ ਸੁਆਲ ਕਿ "ਮੇਰੇ ਲਾਲ ਕਿੱਥੇ ਹਨ?" ਦੇ ਜੁਆਬ ਵਿਚ ਗੁਰੂ ਸਾਹਿਬ ਵੱਲੋਂ ਉਪਰੋਕਤ ਦੋਹਾ ਉਚਾਰਿਆ ਗਿਆ ਦੱਸਿਆ ਜਾਂਦਾ ਹੈ। ਖਾਲਸੇ ਵੱਲ ਇਸ਼ਾਰਾ ਕਰਦਿਆਂ ਉਨ੍ਹਾਂ ਦਾ ਇਸ ਦੋਹੇ ਵਿਚ ਕਿੰਨਾ ਭਾਵਪੂਰਤ ਜੁਆਬ ਹੈ ਕਿ ਇਨ੍ਹਾਂ 'ਪੁੱਤਰਾਂ' ਦੀ ਖ਼ਾਤਰ ਮੈਂ ਆਪਣੇ ਚਾਰੇ ਪੁੱਤਰ ਵਾਰ ਦਿੱਤੇ ਹਨ। ਮੇਰੇ ਚਾਰ ਪੁੱਤਰ ਚਲੇ ਗਏ ਹਨ ਤਾਂ ਫਿਰ ਕੀ ਹੋਇਆ, ਮੇਰੇ ਇਹ ਹਜ਼ਾਰਾਂ ਹੀ ਪੁੱਤਰ ਅਜੇ ਜਿਉਂਦੇ ਹਨ। ਗੁਰੂ ਗੋਬਿੰਦ ਸਿੰਘ ਜੀ ਅਤੇ ਸਿੱਖ ਇਤਿਹਾਸ ਨਾਲ ਸਬੰਧਿਤ ਲੱਗਭੱਗ ਸਾਰੀਆਂ ਹੀ ਪੁਸਤਕਾਂ ਵਿਚ ਇਹ ਹਵਾਲਾ ਮਿਲਦਾ ਹੈ। ਪਿੰਗਲਵਾੜਾ ਸੋਸਾਇਟੀ ਅੰਮ੍ਰਿਤਸਰ ਵੱਲੋਂ 2015 ਵਿਚ ਅੰਗਰੇਜ਼ੀ ਵਿਚ ਛਾਪੀ ਗਈ ਮੁਖ਼ਤਾਰ ਸਿੰਘ ਗੁਰਾਇਆ ਦੀ ਪੁਸਤਕ "ਦ ਸਿੱਖ ਗੁਰੂਜ਼: ਲਾਈਵਜ਼, ਵਰਕਸ ਐਂਡ ਟੀਚਿੰਗਜ਼" ਵਿਚ ਗੁਰੂ ਗੋਬਿੰਦ ਸਿੰਘ ਜੀ ਵਾਲੇ ਅਧਿਆਇ ਵਿਚ ਲੇਖਕ ਵੱਲੋਂ ਇਸ ਦੋਹੇ ਨੂੰ ਹੋਰ ਵੀ ਵਿਸਥਾਰ ਸਹਿਤ ਬਿਆਨਿਆ ਗਿਆ ਹੈ। (ਪੰਨਾ - 192)


ਇਤਿਹਾਸ ਗਵਾਹ ਹੈ ਕਿ ਮੁਗ਼ਲ ਅਤੇ ਬਾਈਧਾਰ ਦੇ ਰਾਜਿਆਂ ਦੀ ਫ਼ੌਜ ਵੱਲੋਂ ਲੱਗਭੱਗ ਸੱਤ ਮਹੀਨੇ ਘੇਰਾ ਪਾਈ ਰੱਖਣ ਤੋਂ ਬਾਅਦ 20 ਦਸੰਬਰ 1704 ਦੀ ਰਾਤ ਨੂੰ ਗੁਰੂ ਗੋਬਿੰਦ ਸਿੰਘ ਜੀ ਨੇ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਿਆ। ਕਈ ਇਤਿਹਾਸਕਾਰਾਂ ਨੇ ਅਨੰਦਪੁਰ ਛੱਡਣ ਦੀ ਇਹ ਤਰੀਕ 5 ਦਸੰਬਰ ਲਿਖੀ ਹੈ ਜੋ ਸਹੀ ਨਹੀਂ ਲੱਗਦੀ ਅਤੇ ਇਹ 20 ਦਸੰਬਰ ਹੀ ਹੋ ਸਕਦੀ ਹੈ, ਕਿਉਂਕਿ ਬਹੁਤੀਆਂ ਇਤਿਹਾਸਕ ਲਿਖ਼ਤਾਂ ਵਿਚ ਚਮਕੌਰ ਦੀ ਜੰਗ 22 ਤੇ 23 ਦਸੰਬਰ ਨੂੰ ਹੋਈ ਦੱਸੀ ਗਈ ਹੈ ਜਿਸ ਵਿਚ ਦੋ ਵੱਡੇ ਸਾਹਿਬਜ਼ਾਦੇ ਅਜੀਤ ਸਿੰਘ ਤੇ ਜੁਝਾਰ ਸਿੰਘ ਸ਼ਹੀਦ ਹੋਏ ਅਤੇ ਛੋਟੇ ਸਾਹਿਬਜ਼ਾਦਿਆਂ ਜ਼ੋਰਾਵਰ ਸਿੰਘ ਤੇ ਫ਼ਤਿਹ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਦਾ 'ਸਰਹੰਦ ਦਾ ਸਾਕਾ' 25 ਤੋਂ 27 ਦਸੰਬਰ ਨੂੰ ਵਾਪਰਿਆ ਦਰਸਾਇਆ ਗਿਆ ਹੈ। 20 ਤੋਂ 27 ਦਸੰਬਰ ਵਾਲੇ ਵਿਚਕਾਰਲੇ 'ਸ਼ਹੀਦੀ ਹਫ਼ਤੇ' ਦੌਰਾਨ ਚੋਹਾਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਮਹਾਨ ਸ਼ਹੀਦੀ ਨੂੰ ਬੜੀ ਸ਼ਿੱਦਤ ਨਾਲ ਯਾਦ ਕੀਤਾ ਜਾਂਦਾ ਹੈ। ਬਹੁਤ ਸਾਰੇ ਇਤਿਹਾਸਕਾਰਾਂ ਅਨੁਸਾਰ ਅਨੰਦਪੁਰ ਛੱਡਣ ਸਮੇਂ ਗੁਰੂ ਸਾਹਿਬ ਦੇ ਨਾਲ ਲੱਗਭੱਗ 400 ਘੋੜ ਸਵਾਰ ਸਨ।

### ਗੁਰੂ ਤੇਗ਼ ਬਹਾਦਰ ਜੀ ਵੱਲੋਂ 'ਚੱਕ ਨਾਨਕੀ' (ਅਨੰਦਪੁਰ) ਵਸਾਉਣਾ

ਇਹ ਓਹੀ 'ਅਨੰਦਪੁਰ' ਸੀ ਜਿਸ ਨੂੰ ਉਨ੍ਹਾ ਦੇ ਪਿਤਾ ਗੁਰੂ ਤੇਗ਼ ਬਹਾਦਰ ਜੀ ਨੇ 19 ਜੂਨ 1665 ਨੂੰ ਪਿੰਡ 'ਮਾਖੋਵਾਲ' ਦੀ ਬੰਜਰ ਜ਼ਮੀਨ ਖ਼ਰੀਦ ਕੇ ਆਪਣੇ ਹੱਥੀਂ ਇੱਥੇ ਵਸਾਏ ਗਏ ਨਗਰ ਨੂੰ ਆਪਣੀ ਸਤਿਕਾਰਯੋਗ ਮਾਤਾ ਨਾਨਕੀ ਜੀ ਦੇ ਨਾਂ 'ਤੇ 'ਚੱਕ ਨਾਨਕੀ' ਦਾ ਨਾਂ ਦਿੱਤਾ ਸੀ। ਗੁਰੂ ਗੋਬਿੰਦ ਸਿੰਘ ਜੀ ਵੱਲੋਂ ਇਸ ਦਾ ਨਾਂ 'ਅਨੰਦਪੁਰ' 30 ਮਾਰਚ 1689 ਨੂੰ ਰੱਖਿਆ ਗਿਆ ਜਿਸ ਦਾ ਭਾਵ ਹੈ, ਉਹ ਥਾਂ ਜਿੱਥੇ ਬੈਠ ਕੇ ਰੂਹ ਅਤੇ ਸਰੀਰ ਨੂੰ 'ਅਨੰਦ' ਪ੍ਰਾਪਤ ਹੁੰਦਾ ਹੈ ਅਤੇ ਆਤਮਿਕ ਖ਼ੁਸ਼ੀ ਮਿਲਦੀ ਹੈ। ਇਸ ਤੋਂ ਭਲੀ-ਭਾਂਤ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਇਹ ਨਗਰ ਛੱਡਣ ਲੱਗਿਆਂ ਉਨ੍ਹਾਂ ਨੂੰ ਉਸ ਸਮੇਂ ਕਿੰਨੇ ਗਹਿਰੇ ਦੁੱਖ ਅਤੇ ਤਕਲੀਫ਼ ਦਾ ਅਹਿਸਾਸ ਹੋਇਆ ਹੋਵੇਗਾ। ਅੱਗੇ ਜਾਣ ਤੋਂ ਪਹਿਲਾਂ ਇੱਥੇ 'ਭੰਗਾਣੀ ਦੇ ਯੁੱਧ' ਦਾ ਸੰਖੇਪ ਜ਼ਿਕਰ ਕਰਨਾ ਜ਼ਰੂਰੀ ਹੈ, ਕਿਉਂਕਿ ਇਹ ਕਹਿਲੂਰ ਦੇ ਰਾਜੇ ਭੀਮ ਚੰਦ ਨਾਲ ਗੁਰੂ ਜੀ ਦਾ ਪਹਿਲਾ ਯੁੱਧ ਸੀ।

### ਭੰਗਾਣੀ ਦਾ ਯੁੱਧ

1680 ਤੋਂ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀ ਫ਼ੌਜੀ ਤਾਕਤ ਵਧਾਉਣੀ ਸ਼ੁਰੂ ਕਰ ਦਿੱਤੀ ਸੀ ਅਤੇ ਉਨ੍ਹਾਂ ਦੀ ਵੱਧਦੀ ਹੋਈ ਹਰਮਨ-ਪਿਆਰਤਾ ਤੋਂ ਬਾਈਧਾਰ ਦੇ ਰਾਜੇ ਉਨ੍ਹਾਂ ਦੇ ਨਾਲ ਖ਼ਾਰ



ਖਾਣ ਲੱਗ ਪਏ ਸਨ। ਗੁਰੂ ਸਾਹਿਬ ਦਿਨੋਂ-ਦਿਨ ਉਸ ਇਲਾਕੇ ਵਿਚ ਹਰਮਨ-ਪਿਆਰੇ ਹੋ ਰਹੇ ਸਨ। ਦੂਰ ਨੇੜੇ ਤੋਂ ਸੰਗਤਾਂ ਤਰ੍ਹਾਂ-ਤਰ੍ਹਾਂ ਦੇ ਤੋਹਫ਼ੇ ਲੈ ਕੇ ਉਨ੍ਹਾਂ ਦੇ ਦਰਬਾਰ ਵਿਚ ਹਾਜ਼ਰੀ ਭਰਨ ਲੱਗ ਪਈਆਂ। ਉਨ੍ਹਾਂ ਦੇ ਸ਼ਰਧਾਲੂ ਦੁਨੀ ਚੰਦ ਨੇ ਉਨ੍ਹਾਂ ਨੂੰ ਇਕ ਸ਼ਾਨਦਾਰ ਕੀਮਤੀ ਸ਼ਾਮਿਆਨਾ, ਹੀਰੇ-ਜਵਾਹਰਾਤ ਅਤੇ 'ਪ੍ਰਸਾਦੀ ਹਾਥੀ' ਨਜ਼ਰਾਨੇ ਵਜੋਂ ਭੇਟ ਕੀਤੇ। ਅਨੰਦਪੁਰ (ਮਾਖੋਵਾਲ) ਦਾ ਇਹ ਇਲਾਕਾ ਉਸ ਸਮੇਂ 'ਕਹਿਲੂਰ' (ਬਿਲਾਸਪੁਰ) ਦੀ ਰਿਆਸਤ ਵਿਚ ਪੈਂਦਾ ਸੀ ਅਤੇ ਇਸ ਰਿਆਸਤ ਦਾ ਰਾਜਾ ਭੀਮ ਚੰਦ ਇੱਥੋਂ ਦੀ ਹਰੇਕ ਚੀਜ਼ 'ਤੇ ਆਪਣਾ ਅਧਿਕਾਰ ਸਮਝਦਾ ਸੀ।

ਇਤਿਹਾਸ ਵਿੱਚ ਜ਼ਿਕਰ ਆਉਂਦਾ ਹੈ ਕਿ ਉਸ ਨੇ ਆਪਣੇ ਪੁੱਤਰ ਦੇ ਵਿਆਹ ਦੇ ਬਹਾਨੇ ਗੁਰੂ ਜੀ ਕੋਲੋਂ ਦੁਨੀ ਚੰਦ ਵੱਲੋਂ ਭੇਟ ਕੀਤਾ ਗਿਆ ਕੀਮਤੀ ਸ਼ਾਮਿਆਨਾ ਅਤੇ 'ਪ੍ਰਸਾਦੀ ਹਾਥੀ' ਦੇਣ ਦੀ ਮੰਗ ਕੀਤੀ ਜਿਸ ਨੂੰ ਗੁਰੂ ਸਾਹਿਬ ਵੱਲੋਂ ਠੁਕਰਾਅ ਦਿੱਤਾ ਗਿਆ। ਇਸ ਤੋਂ ਚਿੜ੍ਹ ਕੇ ਉਸ ਨੇ ਗੁਰੂ ਜੀ ਨੂੰ ਲੜਨ ਲਈ ਵੰਗਾਰਿਆ ਜਿਸ ਨੂੰ ਗੁਰੂ ਸਾਹਿਬ ਵੱਲੋਂ ਖਿੜੇ ਮੱਥੇ ਸਵੀਕਾਰ ਕੀਤਾ ਗਿਆ। ਇਸ ਦੇ ਫ਼ਲਸਰੂਪ 18 ਸਤੰਬਰ 1686 ਨੂੰ 'ਭੰਗਾਣੀ ਦਾ ਯੁੱਧ' ਹੋਇਆ ਜਿਸ ਵਿਚ ਭੀਮ ਚੰਦ ਹਾਰ ਗਿਆ ਅਤੇ ਗੁਰੂ ਜੀ ਨੂੰ ਭਾਰੀ ਸਫ਼ਲਤਾ ਮਿਲੀ ਪਰ ਉਨ੍ਹਾਂ ਨੇ ਉਸ ਦੇ ਇਲਾਕੇ 'ਤੇ ਆਪਣਾ ਕੋਈ ਦਾਅਵਾ ਨਹੀਂ ਜਿਤਾਇਆ, ਕਿਉਂਕਿ ਉਨ੍ਹਾਂ ਦਾ ਅਜਿਹਾ ਕੋਈ ਮਕਸਦ ਨਹੀਂ ਸੀ। ਇਹ ਗੁਰੂ ਜੀ ਵੱਲੋਂ ਪਹਾੜੀ ਰਾਜਿਆਂ ਦੇ ਨਾਲ ਲੜੀ ਗਈ ਪਹਿਲੀ ਲੜਾਈ ਸੀ।

### ਅਨੰਦਪੁਰ ਨੂੰ ਪਾਇਆ ਫ਼ੌਜਾਂ ਨੇ ਘੇਰਾ

ਬਾਈਧਾਰ ਦੇ ਰਾਜਿਆਂ ਨੂੰ ਮੁਗ਼ਲ ਬਾਦਸ਼ਾਹ ਔਰੰਗਜ਼ੇਬ ਦੀਆਂ ਫ਼ੌਜਾਂ ਦੀ ਪੂਰੀ ਸਰਪ੍ਰਸਤੀ ਹਾਸਲ ਸੀ ਅਤੇ ਉਨ੍ਹਾਂ ਸਾਰਿਆਂ ਨੇ ਮਿਲ ਕੇ ਅਨੰਦਪੁਰ ਨੂੰ ਘੇਰਾ ਪਾ ਲਿਆ। ਉਨ੍ਹਾਂ ਵੱਲੋਂ ਬਾਹਰੋਂ ਆਉਣ ਵਾਲੇ ਰਾਸ਼ਨ ਅਤੇ ਹੋਰ ਲੋੜੀਂਦੀਆਂ ਵਸਤਾਂ ਦੀ ਸਪਲਾਈ ਇਹ ਸੋਚ ਕੇ ਰੋਕ ਦਿੱਤੀ ਗਈ ਕਿ ਗੁਰੂ ਗੋਬਿੰਦ ਸਿੰਘ ਅਤੇ ਉਨ੍ਹਾਂ ਦੇ ਸਿੱਖ ਭੁੱਖ ਤੋਂ ਤੰਗ ਆ ਕੇ ਆਪਣੇ ਆਪ ਇਹ ਨਗਰ ਛੱਡ ਜਾਣਗੇ। ਇਹ ਘੇਰਾ ਲੱਗਭੱਗ ਛੇ ਮਹੀਨੇ ਤੱਕ ਜਾਰੀ ਰਿਹਾ। 'ਅਨੰਦਪੁਰ' (ਹੁਣ, ਅਨੰਦਪੁਰ ਸਾਹਿਬ) ਦੀ ਸੁਰੱਖਿਆ ਲਈ ਗੁਰੂ ਜੀ ਨੇ ਇਸ ਦੇ ਆਲੇ-ਦੁਆਲੇ ਚਾਰ ਕਿਲ੍ਹੇ ਕੇਸਗੜ੍ਹ, ਲੋਹਗੜ੍ਹ, ਹੋਲਗੜ੍ਹ ਅਤੇ ਅਨੰਦਗੜ੍ਹ ਬਣਵਾਏ ਹੋਏ ਸਨ ਅਤੇ ਉਨ੍ਹਾਂ ਦੇ ਵਿੱਚੋਂ ਲੰਘ ਕੇ ਅੰਦਰ ਜਾਣਾ ਬਾਈਧਾਰ ਦੇ ਰਾਜਿਆਂ ਦੀਆਂ ਫ਼ੌਜਾਂ ਅਤੇ ਮੁਗ਼ਲ ਫ਼ੌਜ ਲਈ ਆਸਾਨ ਨਹੀਂ ਸੀ। ਅੰਦਰ ਗੁਰੂ ਜੀ ਦੇ ਜਾਂਬਾਜ਼, ਸਿਰਲੱਥ ਯੋਧੇ, ਸੂਰਬੀਰ ਸਿੱਖ ਇਨ੍ਹਾਂ ਕਿਲ੍ਹਿਆਂ ਦੀ ਰਾਖ਼ੀ ਲਈ ਹਰ ਵੇਰੇ ਤਿਆਰ-ਬਰ-ਤਿਆਰ ਰਹਿੰਦੇ ਸਨ। ਇਸ ਲਈ ਗੁਰੂ ਜੀ ਉੱਪਰ ਹਮਲਾ ਕਰਨ ਦੀ ਬਜਾਇ ਬਾਈਧਾਰ ਦੇ ਰਾਜਿਆਂ ਵੱਲੋਂ ਘੇਰਾ ਲੰਮੇਂ ਸਮੇਂ ਲਈ ਪਾਈ ਰੱਖਣ ਦਾ ਰਾਹ ਚੁਣਿਆ ਗਿਆ ਸੀ।

### ਪਰਿਵਾਰ ਦਾ ਪਿਆ ਵਿਛੋੜਾ

ਜਿਵੇਂ ਇਸ ਲੇਖ ਦੇ ਆਰੰਭ ਵਿਚ ਦੱਸਿਆ ਗਿਆ ਹੈ ਕਿ ਅਖ਼ੀਰ 20 ਦਸੰਬਰ 1704 ਦੀ ਰਾਤ ਨੂੰ ਗੁਰੂ ਸਾਹਿਬ ਨੂੰ ਆਪਣੀ ਪਿਆਰੀ 'ਅਨੰਦ-ਪੁਰ ਨਗਰੀ' ਛੱਡਣੀ ਪਈ ਅਤੇ ਉਨ੍ਹਾਂ ਸਰਸਾ ਨਦੀ ਪਾਰ ਕਰਨ ਲਈ ਓਧਰ ਵੱਲ ਚਾਲੇ ਪਾ ਦਿੱਤੇ। ਗੁਰੂ ਜੀ ਨੂੰ ਅਨੰਦਪੁਰ ਤੋਂ ਜਾਣ ਲਈ ਸੁਰੱਖ਼ਿਅਤ ਰਾਹ ਦੇਣ ਦੀਆਂ ਕਸਮਾਂ ਤੋੜ ਕੇ ਮੁਗ਼ਲ ਅਤੇ ਬਾਈਧਾਰ ਦੇ ਰਾਜਿਆਂ ਦੀਆਂ ਫ਼ੌਜਾਂ ਉਨ੍ਹਾਂ ਨੂੰ ਫੜ੍ਹਨ ਲਈ ਉਨ੍ਹਾਂ ਦੇ ਪਿੱਛਾ ਕਰਦੀਆਂ ਆ ਗਈਆਂ। ਸਰਸਾ ਦਰਿਆ ਦੇ ਕਿਨਾਰੇ ਭਾਰੀ ਯੁੱਧ ਹੋਇਆ ਅਤੇ ਇਸ ਵਿਚ ਬਹੁਤ ਸਾਰੇ ਸਿੰਘ ਸ਼ਹੀਦੀਆਂ ਪਾ ਗਏ। ਦਰਿਆ ਵਿਚ ਉਦੋਂ ਹੜ੍ਹ ਆਇਆ ਹੋਇਆ ਸੀ। ਇਸ ਦੀ ਪ੍ਰਵਾਹ ਨਾ ਕਰਦਿਆਂ ਹੋਇਆਂ ਕਈ ਘੋੜ-ਸਵਾਰਾਂ ਵੱਲੋਂ ਆਪਣੇ ਘੋੜੇ ਦਰਿਆ ਵਿਚ ਠੇਲ੍ਹ ਦਿੱਤੇ ਗਏ। ਭਾਰੀ ਹੜ੍ਹ ਦੇ ਕਾਰਨ ਪਾਣੀ ਦੇ ਤੇਜ਼ ਵਹਾਅ ਨਾਲ ਬਹੁਤ ਸਾਰੇ ਘੋੜੇ ਆਪਣੇ ਸਵਾਰਾਂ ਸਮੇਤ ਰੁੜ੍ਹ ਗਏ। ਕਿਹਾ ਜਾਂਦਾ ਹੈ ਕਿ ਪਾਣੀ ਦੇ ਇਸ ਤੇਜ਼ ਵਹਾਅ ਵਿਚ ਗੁਰੂ ਸਾਹਿਬ ਅਤੇ ਉਨ੍ਹਾਂ ਦੇ 52 ਕਵੀਆਂ ਵੱਲੋਂ ਲਿਖਿਆ ਗਿਆ ਕੀਮਤੀ ਸਾਹਿਤ ਵੀ ਰੁੜ੍ਹ ਗਿਆ। ਜਿਹੜੇ ਘੋੜ-ਸਵਾਰ ਸਰਸਾ ਨਦੀ ਦੇ ਪਾਰ ਲੱਗੇ, ਉਨ੍ਹਾਂ ਵਿਚ ਸ਼ਾਮਲ ਗੁਰੂ ਸਾਹਿਬ, ਵੱਡੇ ਸਾਹਿਬਜ਼ਾਦਿਆਂ ਅਜੀਤ ਸਿੰਘ ਤੇ ਜੁਝਾਰ ਸਿੰਘ 40 ਘੋੜ-ਸਵਾਰਾਂ ਦੇ ਨਾਲ ਪਿੰਡ ਕੋਟਲਾ ਨਿਹੰਗ ਵੱਲ ਚੱਲ ਪਏ ਜਿੱਥੋਂ ਅੱਗੋਂ ਉਹ ਚਮਕੌਰ ਦੀ ਕੱਚੀ ਗੜ੍ਹੀ ਵਿਚ ਪਹੁੰਚੇ, ਜਦਕਿ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਜ਼ੋਰਾਵਰ ਸਿੰਘ ਤੇ ਫ਼ਤਿਹ ਸਿੰਘ ਨੂੰ ਉਨ੍ਹਾਂ ਦਾ ਰਸੋਈਆ ਗੰਗੂ ਨਦੀ ਦੇ ਵਹਾਅ ਵੱਲ ਪੈਂਦੇ ਆਪਣੇ ਪਿੰਡ 'ਖੇੜੀ' ਵੱਲ ਨੂੰ ਲੈ ਤੁਰਿਆ। ਸਰਸਾ ਨਦੀ ਦੇ ਕਿਨਾਰੇ ਉਹ ਸਥਾਨ ਜਿੱਥੇ ਗੁਰੂ ਜੀ ਦਾ ਪਰਿਵਾਰ ਵਿੱਛੜਿਆ, ਅੱਜਕੱਲ੍ਹ ਗੁਰਦੁਆਰਾ ਪਰਿਵਾਰ ਵਿਛੋੜਾ ਸਾਹਿਬ ਬਣਿਆ ਹੋਇਆ ਹੈ। ਗੁਰੂ ਗੋਬਿੰਦ ਸਿੰਘ ਜੀ, ਸਾਹਿਬਜ਼ਾਦਾ ਅਜੀਤ ਸਿੰਘ ਤੇ ਜੁਝਾਰ ਸਿੰਘ 21 ਦਸੰਬਰ 1704 ਨੂੰ ਪਿੰਡ ਚਮਕੌਰ ਦੇ ਉੱਚੇ ਥਾਂ 'ਤੇ ਬਣੀ ਹੋਈ ਕੱਚੀਆਂ ਇੱਟਾਂ ਦੀ ਬਣੀ ਹੋਈ ਹਵੇਲੀ (ਗੜ੍ਹੀ) ਜੋ ਉਸ ਪਿੰਡ ਦੇ ਦੋ ਭਰਾਵਾਂ ਚੌਧਰੀ ਰੂਪ ਚੰਦ ਅਤੇ ਜਗਤ ਸਿੰਘ ਦੀ ਸਾਂਝੀ ਮਾਲਕੀਅਤ ਸੀ, ਵਿਖੇ ਪਹੁੰਚੇ। ਦਰਅਸਲ, ਗੁਰੂ ਸਾਹਿਬ ਦੋ ਸਾਲ ਪਹਿਲਾਂ ਕੁਰੂਕਸ਼ੇਤਰ ਤੋਂ ਅਨੰਦਪੁਰ ਆਉਂਦਿਆਂ ਇੱਥੇ ਇਨ੍ਹਾਂ ਦੋਹਾਂ ਭਰਾਵਾਂ ਕੋਲ ਇੱਕ ਰਾਤ ਠਹਿਰੇ ਸਨ ਅਤੇ ਉਹ ਜਾਣਦੇ ਸਨ ਕਿ ਇਸ ਹਾਲਤ ਵਿਚ ਜਦੋਂ ਮੁਗ਼ਲ ਤੇ ਬਾਈਧਾਰ ਰਾਜਿਆਂ ਦੀਆਂ ਫ਼ੌਜਾਂ ਉਨ੍ਹਾਂ ਦਾ ਪਿੱਛਾ ਕਰਦੀਆਂ ਆ ਰਹੀਆਂ ਹਨ ਤਾਂ ਇਹ ਥਾਂ ਉਨ੍ਹਾਂ ਦੀ 'ਅਸਥਾਈ ਠਾਹਰ' ਲਈ ਸੁਰੱਖ਼ਿਅਤ ਹੋ ਸਕਦੀ ਹੈ।

ਪਿੱਛਾ ਕਰਦੀਆਂ ਫ਼ੌਜਾਂ ਨੇ ਆ ਕੇ ਰਾਤ ਨੂੰ ਉਸ ਹਵੇਲੀ ਨੂੰ ਘੇਰਾ ਪਾ ਲਿਆ। 22 ਦਸੰਬਰ ਦੀ ਸਵੇਰ ਨੂੰ ਹਵੇਲੀ ਦੀਆਂ ਕੰਧਾਂ ਦੇ ਉੱਪਰੋਂ ਦੀ ਫ਼ੌਜ ਦੇ ਜਰਨੈਲਾਂ ਦੀਆਂ ਆਵਾਜ਼ਾਂ ਆਉਣ ਲੱਗੀਆਂ, "ਗੋਬਿੰਦ ਸਿੰਘ, ਆਪਣੇ ਆਪ ਨੂੰ ਸਾਡੇ ਹਵਾਲੇ ਕਰ ਦਿਓ ਜਾਂ ਫਿਰ ਲੜਨ ਲਈ ਤਿਆਰ ਹੋ ਜਾਓ।" ਗੁਰੂ ਜੀ ਨੇ ਇਸ ਦਾ ਜੁਆਬ ਆਪਣੇ ਤੀਰ ਨਾਲ ਭੇਜੇ ਹੋਏ ਰੁੱਕੇ ਨਾਲ ਦਿੱਤਾ ਕਿ ਉਹ ਲੜਨ ਲਈ ਤਿਆਰ ਹਨ। ਗੁਰੂ ਜੀ ਕੋਲ ਉਸ ਵੇਲੇ ਦੋਵੇਂ ਵੱਡੇ ਸਾਹਿਬਜ਼ਾਦੇ ਅਜੀਤ ਸਿੰਘ, ਜੁਝਾਰ ਸਿੰਘ ਅਤੇ ਗਿਣਤੀ ਦੇ ਚਾਲੀ ਸਿੰਘ ਸਨ ਜਿਨ੍ਹਾਂ ਵਿਚ 'ਪੰਜ ਪਿਆਰੇ' ਵੀ ਸ਼ਾਮਲ ਸਨ। ਦੂਸਰੇ ਪਾਸੇ ਇਤਿਹਾਸਕਾਰਾਂ ਦੀ ਕਈ ਲਿਖ਼ਤਾਂ ਅਨੁਸਾਰ ਵੱਡੀ ਗਿਣਤੀ ਵਿਚ ਮੌਜੂਦ ਭਾਰੀ ਫ਼ੌਜ (ਲੱਗਭੱਗ ਦਸ ਲੱਖ) ਹਵੇਲੀ ਨੂੰ ਘੇਰਾ ਪਾਈ ਖੜੀ ਸੀ। ਚਮਕੌਰ ਦੀ ਕੱਚੀ ਗੜ੍ਹੀ ਦੇ ਸਾਹਮਣੇ ਲੜੀ ਜਾਣ ਵਾਲੀ ਇਹ ਜੰਗ ਸੰਸਾਰ-ਭਰ ਦੀ ਸੱਭ ਤੋਂ 'ਅਸਾਵੀਂ ਲੜਾਈ' ਸੀ ਜਿਸ ਨੂੰ ਲੜਨ ਲਈ ਗੁਰੂ ਸਾਹਿਬ ਨੇ ਆਪਣੇ ਸਿੰਘਾਂ ਨੂੰ ਪੰਜ-ਪੰਜ ਦੀਆਂ ਟੁਕੜੀਆਂ ਵਿਚ ਭੇਜਣ ਦੀ ਯੋਜਨਾ ਬਣਾਈ। ਜਦੋਂ ਇਕ ਟੁਕੜੀ ਦੇ ਪੰਜੇ ਸਿੰਘ ਸ਼ਹੀਦ ਹੋ ਜਾਂਦੇ ਸਨ ਤਾਂ ਉਸ ਤੋਂ ਬਾਅਦ ਦੂਸਰੀ ਟੁਕੜੀ ਨੂੰ ਭੇਜਿਆ ਜਾਂਦਾ ਸੀ। ਇਸ ਦੌਰਾਨ ਉਹ ਆਪ ਤੇ ਦੋਵੇਂ ਸਾਹਿਬਜ਼ਾਦੇ ਉੱਪਰੋਂ ਤੀਰਾਂ ਦੀ ਵਰਖਾ ਕਰਦੇ ਰਹੇ।





### ਸਾਹਿਬਜ਼ਾਦਾ ਅਜੀਤ ਸਿੰਘ ਦੀ ਸ਼ਹੀਦੀ

ਘਮਸਾਣ ਦੀ ਲੜਾਈ ਲੜਦਿਆਂ ਜਦੋਂ ਕਈ ਟੁਕੜੀਆਂ ਵਿਚ ਭੇਜੇ ਗਏ ਸਿੰਘ ਸ਼ਹੀਦ ਹੋ ਗਏ ਤਾਂ ਵੱਡੇ ਸਾਹਿਬਜ਼ਾਦੇ ਅਜੀਤ ਸਿੰਘ ਨੇ ਆਪਣੇ ਪਿਤਾ ਜੀ ਕੋਲੋਂ ਅਗਲੀ ਟੁਕੜੀ ਵਿਚ ਜਾਣ ਦੀ ਆਗਿਆ ਮੰਗੀ। ਗੁਰੂ ਜੀ ਨੇ ਆਪ ਉਸ ਨੂੰ ਹੱਥੀਂ ਤਿਆਰ ਕੀਤਾ ਅਤੇ ਉਹ ਆਪਣੇ ਨਾਲ ਪੰਜ ਸਿੰਘਾਂ, ਜਿਨ੍ਹਾਂ ਵਿਚ ਗੁਰੂ ਜੀ ਦੇ 'ਪੰਜ ਪਿਆਰਿਆਂ' ਵਿੱਚੋਂ ਭਾਈ ਮੋਹਕਮ ਸਿੰਘ ਵੀ ਸੀ, ਨੂੰ ਨਾਲ ਲੈ ਕੇ ਲੜਾਈ ਦੇ ਮੈਦਾਨ ਵਿਚ ਦੁਸ਼ਮਣਾਂ 'ਤੇ ਟੁੱਟ ਪਏ। ਪਹਿਲਾਂ ਤੀਰਾਂ ਦੀ ਬੌਛਾੜ ਕੀਤੀ ਗਈ ਅਤੇ ਤੀਰ ਮੁੱਕ ਜਾਣ 'ਤੇ ਉਨ੍ਹਾਂ ਤਲਵਾਰ ਦੇ ਉਹ ਜੌਹਰ ਵਿਖਾਏ ਕਿ ਦੁਸ਼ਮਣ ਫ਼ੌਜ ਦੰਗ ਰਹਿ ਗਈ। ਲੜਦਿਆਂ-ਲੜਦਿਆਂ ਤਲਵਾਰ ਦੋ ਟੋਟੇ ਹੋ ਗਈ ਅਤੇ ਫਿਰ ਉਨ੍ਹਾਂ ਨੇ ਆਪਣਾ ਨੇਜ਼ਾ ਵਾਹੁਣਾ ਸ਼ੁਰੂ ਕਰ ਦਿੱਤਾ। ਇਤਿਹਾਸਕਾਰ ਕਹਿੰਦੇ ਹਨ ਕਿ ਇਹ ਨੇਜ਼ਾ ਇਕ ਦੁਸ਼ਮਣ ਦੀ ਛਾਤੀ ਵਿਚ ਏਨਾ ਖੁਭ ਗਿਆ ਕਿ ਉਹ ਬਾਹਰ ਨਾ ਨਿਕਲ ਸਕਿਆ ਅਤੇ ਏਨੇ ਨੂੰ ਦੁਸ਼ਮਣ ਫ਼ੌਜ ਨੇ ਉਨ੍ਹਾਂ ਨੂੰ ਘੇਰਾ ਪਾ ਲਿਆ। ਕਿਰਪਾਨ ਨਾਲ ਲੜਦੇ ਹੋਏ ਅਖ਼ੀਰ ਉਹ ਦੁਸ਼ਮਣਾਂ ਵੱਲੋਂ ਕੀਤੇ ਗਏ ਇਕ ਤੇਜ਼ ਵਾਰ ਨਾਲ ਸ਼ਹੀਦੀ ਪਾ ਗਏ। ਉਨ੍ਹਾਂ ਦੀ ਉਮਰ ਉਸ ਸਮੇਂ ਲੱਗਭੱਗ 16 ਸਾਲ 10 ਮਹੀਨੇ ਦੀ ਸੀ। ਉਨ੍ਹਾਂ ਦਾ ਜਨਮ 11 ਫ਼ਰਵਰੀ 1687 ਨੂੰ ਹੋਇਆ ਸੀ ਅਤੇ ਉਹ 23 ਦਸੰਬਰ 1704 ਨੂੰ ਇਸ ਲੜਾਈ ਵਿਚ ਸੂਰਬੀਰਤਾ ਨਾਲ ਲੜਦਿਆਂ ਹੋਇਆਂ ਸ਼ਹੀਦੀ ਪਾ ਗਏ। ਗੁਰੂ ਗੋਬਿੰਦ ਸਿੰਘ ਜੀ ਉੱਪਰੋਂ ਲੜਾਈ ਦਾ ਇਹ ਭਿਆਨਕ ਮੰਜ਼ਰ ਦੇਖ ਰਹੇ ਸਨ ਅਤੇ ਉਨ੍ਹਾਂ ਨੇ ਬੁਲੰਦ ਆਵਾਜ਼ "ਬੋਲੇ ਸੋ ਨਿਹਾਲ, ਸਤਿ ਸਰੀ ਅਕਾਲ" ਦਾ ਜੈਕਾਰਾ ਛੱਡਿਆ।

### ਸਾਹਿਬਜ਼ਾਦਾ ਜੁਝਾਰ ਸਿੰਘ ਜੀ ਸ਼ਹੀਦੀ

ਇਸ ਦੇ ਨਾਲ ਹੀ ਛੋਟੇ ਸਾਹਿਬਜ਼ਾਦੇ ਜੁਝਾਰ ਸਿੰਘ ਨੇ ਉਨ੍ਹਾਂ ਕੋਲੋਂ ਜੰਗ ਦੇ ਮੈਦਾਨ ਵਿਚ ਜਾਣ ਦੀ ਆਗਿਆ ਮੰਗ ਲਈ ਜੋ ਉਨ੍ਹਾਂ ਨੇ ਹੱਸਦਿਆਂ ਹੋਇਆਂ ਦਿੱਤੀ। ਜੁਝਾਰ ਸਿੰਘ ਦੇ ਨਾਲ ਜਾਣ ਵਾਲੇ ਪੰਜ ਸਿੰਘਾਂ ਵਿਚ 'ਪੰਜਾਂ ਪਿਆਰਿਆਂ' ਵਿਚੋਂ ਦੋ ਭਾਈ ਹਿੰਮਤ ਸਿੰਘ ਅਤੇ ਭਾਈ ਸਾਹਿਬ ਸਿੰਘ ਸ਼ਾਮਲ ਸਨ। ਪੰਜਾਂ ਸਿੰਘਾਂ ਨੂੰ ਨਾਲ ਲੈ ਕੇ ਸਾਹਿਬਜ਼ਾਦਾ ਜੁਝਾਰ ਸਿੰਘ ਲੜਾਈ ਦੇ ਮੈਦਾਨ ਵਿਚ ਜਾ ਕੁੱਦਿਆ ਅਤੇ ਉਨ੍ਹਾਂ ਨੇ ਦੁਸ਼ਮਣਾਂ ਦੇ ਚੰਗੇ ਆਹੂ ਲਾਹੇ। ਉਨ੍ਹਾਂ ਦੁਸ਼ਮਣ ਫ਼ੌਜ ਨੂੰ ਖਦੇੜ ਕੇ ਬਹੁਤ ਪਿੱਛੇ ਧੱਕ ਦਿੱਤਾ। ਫਿਰ ਅਚਾਨਕ ਹੀ ਫ਼ੌਜ ਦੀ ਇੱਕ ਵੱਡੀ ਟੁਕੜੀ ਨੇ ਉਨ੍ਹਾਂ ਨੂੰ ਘੇਰਾ ਪਾ ਲਿਆ। 'ਪੰਥ ਪ੍ਰਕਾਸ਼' ਦੇ ਲੇਖਕ ਰਤਨ ਸਿੰਘ ਭੰਗੂ ਅਨੁਸਾਰ ਅਖ਼ੀਰ ਉਹ 'ਮਹਾਂਭਾਰਤ' ਦੀ ਲੜਾਈ ਦੇ ਨਾਇਕ 'ਅਭਿਮੰਨਿਊ' ਵਾਂਗ ਉਸ 'ਘੁੰਮਣਘੇਰੀ' ਵਿਚ ਫਸ ਗਏ ਅਤੇ ਸ਼ਹੀਦੀ ਪ੍ਰਾਪਤ ਕਰ ਗਏ। ਪਾਠਕਾਂ ਨੂੰ ਯਾਦ ਦਿਵਾਇਆ ਜਾਂਦਾ ਹੈ ਕਿ ਸਾਹਿਬਜ਼ਾਦਾ ਜੁਝਾਰ ਸਿੰਘ ਦੀ ਉਮਰ ਉਸ ਸਮੇਂ ਪੌਣੇ ਚੌਦਾਂ ਸਾਲ ਸੀ। ਉਹ 9 ਅਪ੍ਰੈਲ 1691 ਨੂੰ ਪੈਦਾ ਹੋਏ ਸਨ ਅਤੇ ਉਨ੍ਹਾਂ 23 ਦਸੰਬਰ 1704 ਨੂੰ ਇਸ ਲੜਾਈ ਵਿਚ ਸ਼ਹੀਦੀ ਪਾਈ।

23 ਦਸੰਬਰ ਦੀ ਰਾਤ ਨੂੰ ਹਨੇਰਾ ਪੈਣ 'ਤੇ ਕੱਚੀ ਗੜ੍ਹੀ ਵਿਚ ਗੁਰੂ ਸਾਹਿਬ ਦੇ ਨਾਲ 11 ਸਿੰਘ ਬਚੇ ਸਨ ਜਿਨ੍ਹਾਂ ਵਿਚ ਪੰਜਾਂ ਪਿਆਰਿਆਂ ਵਿੱਚੋਂ ਦੋ ਭਾਈ ਧਰਮ ਸਿੰਘ ਤੇ ਭਾਈ ਦਇਆ ਸਿੰਘ, ਭਾਈ ਮਨੀ ਸਿੰਘ, ਭਾਈ ਸੰਗਤ ਸਿੰਘ, ਭਾਈ ਸਿੰਘ ਅਤੇ ਛੇ ਹੋਰ ਸਿੰਘ ਸ਼ਾਮਲ ਸਨ। ਪਹਿਲੇ ਪੰਜਾਂ ਸਿੰਘਾਂ ਨੇ 'ਪੰਜ ਪਿਆਰਿਆਂ' ਦੇ ਰੂਪ ਵਿਚ ਗੁਰੂ ਜੀ ਨੂੰ ਬੇਨਤੀ ਕੀਤੀ ਕਿ ਉਹ ਰਾਤ ਦੇ ਹਨੇਰੇ ਵਿੱਚ ਗੜ੍ਹੀ ਤੋਂ ਬਾਹਰ ਨਿਕਲ ਜਾਣ, ਕਿਉਂਕਿ ਪੰਥ ਨੂੰ ਅਜੇ ਉਨ੍ਹਾਂ ਦੀ ਅਗਵਾਈ ਦੀ ਬਹੁਤ ਲੋੜ ਹੈ। 'ਪੰਜ ਪਿਆਰੇ' ਜਿਨ੍ਹਾਂ ਨੂੰ ਗੁਰੂ ਸਾਹਿਬ ਖ਼ੁਦ ਆਪ 'ਗੁਰੂ' ਮੰਨਦੇ ਸਨ, ਦਾ ਹੁਕਮ ਮੰਨਦੇ ਹੋਏ ਉਹ ਦੋਹਾਂ 'ਪਿਆਰਿਆਂ' ਭਾਈ ਧਰਮ ਸਿੰਘ ਤੇ ਭਾਈ ਦਇਆ ਸਿੰਘ ਅਤੇ ਭਾਈ ਮਾਨ ਸਿੰਘ ਨੂੰ ਨਾਲ ਲੈ ਕੇ ਗੜ੍ਹੀ ਵਿੱਚੋਂ ਬਾਹਰ ਨਿਕਲੇ ਅਤੇ ਅੱਧੀ ਰਾਤ ਨੂੰ ਇੱਕ ਉੱਚੀ ਟਿੱਬੀ 'ਤੇ ਖਲੋ ਕੇ ਦੋਹਾਂ ਹੱਥਾਂ ਨਾਲ ਤਾੜੀ ਮਾਰ ਕੇ ਉੱਚੀ ਆਵਾਜ਼ ਵਿਚ "ਪੀਰ-ਓ-ਹਿੰਦ ਰਹਾਵਤ" ("ਹਿੰਦ ਦਾ ਪੀਰ ਚੱਲਿਆ ਜੇ") ਕਹਿੰਦਿਆਂ ਹੋਇਆਂ ਦੂਰ ਨਿਕਲ ਗਏ।

ਅਗਲੀ ਸਵੇਰ 24 ਦਸੰਬਰ ਨੂੰ ਭਾਈ ਸੰਗਤ ਸਿੰਘ ਜੋ ਕਾਫ਼ੀ ਹੱਦ ਤੱਕ ਗੁਰੂ ਸਾਹਿਬ ਦੇ ਹਮਸ਼ਕਲ ਸਨ, ਨੇ ਗੁਰੂ ਜੀ ਦੀ ਪੁਸ਼ਾਕ ਅਤੇ ਕਲਗੀ ਪਹਿਨੀ ਅਤੇ ਕੱਚੀ ਗੜ੍ਹੀ ਵਿਚ ਬਾਕੀ ਬਚੇ ਸਿੰਘਾਂ ਨਾਲ ਆਪਣੇ ਘੋੜਿਆਂ 'ਤੇ ਸਵਾਰ ਹੋ ਕੇ ਗੜ੍ਹੀ ਦੇ ਬਾਹਰ ਆ ਕੇ ਲੜਾਈ ਦੇ ਮੈਦਾਨ ਦੁਸ਼ਮਣ ਫ਼ੌਜ 'ਤੇ ਟੁੱਟ ਪਏ ਅਤੇ ਉਸ ਨੂੰ ਭਾਜੜਾਂ ਪਾ ਦਿੱਤੀਆਂ। ਘਮਸਾਣ ਦੀ ਲੜਾਈ ਹੋਈ ਅਤੇ ਹਜ਼ਾਰਾਂ ਦੀ ਗਿਣਤੀ ਵਿਚ ਫ਼ੌਜੀ ਮੌਤ ਦੇ ਘਾਟ ਉਤਾਰੇ ਗਏ। ਲੜਦਿਆਂ-ਲੜਦਿਆਂ ਅਖ਼ੀਰ ਉਹ ਸਾਰੇ ਸ਼ਹੀਦੀਆਂ ਪਾ ਗਏ। ਭਾਈ ਸੰਗਤ ਸਿੰਘ ਦੀ ਮਿਰਤਕ ਦੇਹ ਨੂੰ ਵੇਖ ਕੇ ਦੁਸ਼ਮਣ ਸਮਝ ਰਹੇ ਸਨ ਕਿ ਉਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਹੈ ਪਰ ਉਹ ਤਾਂ ਉਦੋਂ ਤੀਕ ਮਾਛੀਵਾੜੇ ਵੱਲ ਬਹੁਤ ਦੂਰ ਜਾ ਚੁੱਕੇ ਸਨ। ਉਸ ਰਾਤ ਸਿੰਘਣੀ ਬੀਬੀ ਸ਼ਰਨ ਕੌਰ ਨੇ ਲਕੜੀਆਂ ਇਕੱਠੀਆਂ ਕਰਕੇ ਮਿਰਤਕ ਸਿੰਘਾਂ ਦੇ ਸਰੀਰਾਂ ਦਾ ਸਸਕਾਰ ਕੀਤਾ।

### ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ

ਓਧਰ ਗੰਗੂ ਰਸੋਈਆ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਜ਼ੋਰਾਵਰ ਸਿੰਘ ਤੇ ਫ਼ਤਿਹ ਸਿੰਘ ਨੂੰ ਆਪਣੇ ਪਿੰਡ ਖੇੜੀ ਲੈ ਗਿਆ। ਮਾਤਾ ਜੀ ਕੋਲ ਇੱਕ ਪੋਟਲੀ ਵਿਚ ਸੋਨੇ ਦੇ ਕੁਝ ਗਹਿਣੇ ਅਤੇ ਮੋਹਰਾਂ ਸਨ। ਉਨ੍ਹਾਂ ਨੂੰ ਆਪਣੇ ਕਬਜ਼ੇ ਵਿਚ ਲੈਣ ਦੇ ਲਾਲਚ ਵਿਚ ਉਸ ਨੇ 24 ਦਸੰਬਰ ਨੂੰ ਛੋਟੇ ਸਾਹਿਬਜ਼ਾਦਿਆਂ ਦੇ ਆਪਣੇ ਕੋਲ ਹੋਣ ਦੀ ਖ਼ਬਰ ਸਰਹੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਦਿੱਤੀ। ਨਵਾਬ ਦੇ ਸਿਪਾਹੀ ਆ ਕੇ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਨੂੰ ਫੜ੍ਹ ਕੇ ਸਰਹੰਦ ਲੈ ਆਏ। ਉਨ੍ਹਾਂ ਨੂੰ ਰਾਤ ਠੰਢੇ ਬੁਰਜ ਵਿਚ ਕੈਦ ਰੱਖਿਆ ਗਿਆ ਅਤੇ ਅਗਲੇ ਦਿਨ 25 ਦਸੰਬਰ ਨੂੰ ਨਵਾਬ ਦੀ ਕਚਹਿਰੀ ਵਿਚ ਪੇਸ਼ ਕੀਤਾ ਗਿਆ। ਉਸ ਦੇ ਵੱਲੋਂ ਸਾਹਿਬਜ਼ਾਦਿਆਂ ਨੂੰ ਪਹਿਲਾਂ ਕਈ ਤਰ੍ਹਾਂ ਦੇ ਲਾਲਚ ਦਿੱਤੇ ਗਏ ਤੇ ਫਿਰ ਡਰਾਵੇ ਵੀ ਦਿੱਤੇ ਗਏ ਅਤੇ ਉਨ੍ਹਾਂ ਨੂੰ ਮੁਸਲਮਾਨ ਬਣ ਜਾਣ ਲਈ ਕਿਹਾ ਗਿਆ ਪਰ ਉਹ ਨਹੀਂ ਮੰਨੇ।

ਉਸ ਰਾਤ ਉਹ ਫਿਰ ਆਪਣੀ ਦਾਦੀ ਕੋਲ ਠੰਢੇ ਬੁਰਜ ਵਿਚ ਕੈਦ ਰਹੇ ਅਤੇ ਅਗਲੇ ਦਿਨ ਫਿਰ ਉਨ੍ਹਾਂ ਦੀ ਪੇਸ਼ੀ ਕਚਹਿਰੀ ਵਿਚ ਨਵਾਬ ਵਜ਼ੀਰ ਖ਼ਾਨ ਦੇ ਅੱਗੇ ਕੀਤੀ ਗਈ। ਇਸ ਦਿਨ ਵੀ ਉਨ੍ਹਾਂ ਨੂੰ ਹੋਰ ਕਈ ਲਾਲਚ ਅਤੇ ਡਰਾਵੇ ਦਿੱਤੇ ਗਏ ਪਰ ਉਹ ਆਪਣੇ ਸਿਰੜ 'ਤੇ ਅਡੋਲ ਰਹੇ ਅਤੇ ਉਨ੍ਹਾਂ ਕਿਸੇ ਵੀ ਤਰ੍ਹਾਂ ਨਵਾਬ ਦੀ ਈਨ ਨਾ ਮੰਨੀ। ਨਵਾਬ ਬਹੁਤ ਗੁੱਸੇ ਵਿਚ ਆ ਗਿਆ ਅਤੇ ਆਪਣੇ ਅਹਿਲਕਾਰ ਸੁੱਚਾ ਨੰਦ ਦੇ 'ਇਸ਼ਾਰੇ' ("ਸੱਪ ਦੇ 'ਸਪੋਲੀਏ' ਜ਼ਿੰਦਾ ਨਹੀਂ ਛੱਡਣੇ ਚਾਹੀਦੇ") 'ਤੇ ਉਸ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿਚ ਜ਼ਿੰਦਾ ਚਿਣਨ ਦੀ ਸਜ਼ਾ ਸੁਣਾ ਦਿੱਤੀ। ਇਸ 'ਤੇ ਮਲੇਰਕੋਟਲੇ ਦੇ ਨਵਾਬ ਸ਼ੇਰ ਖ਼ਾਨ ਨੇ 'ਹਾਅ ਦਾ ਨਾਅਰਾ' ਮਾਰਿਆ ਅਤੇ ਕਿਹਾ, "ਨਵਾਬ ਸਾਹਿਬ, ਤੁਹਾਡੀ ਦੁਸ਼ਮਣੀ ਗੁਰੂ ਗੋਬਿੰਦ ਸਿੰਘ ਨਾਲ ਹੈ ਅਤੇ ਇਨ੍ਹਾਂ ਮਾਸੂਮਾਂ ਨੂੰ ਇਸ ਦੀ ਸਜ਼ਾ ਨਾ ਦਿਓ।" ਪਰ ਨਵਾਬ ਵਜ਼ੀਰ ਖ਼ਾਨ ਨੇ ਉਸ ਦੀ ਇਕ ਨਾ ਸੁਣੀ ਅਤੇ ਆਪਣੀ ਸਜ਼ਾ ਓਸੇ ਤਰ੍ਹਾਂ ਹੀ ਬਰਕਰਾਰ ਰੱਖੀ। ਅਗਲੀ ਸਵੇਰ 27 ਦਸੰਬਰ ਨੂੰ ਦੋਹਾਂ ਸਾਹਿਬਜ਼ਾਦਿਆਂ ਨੂੰ ਕਚਹਿਰੀ ਲਿਜਾਇਆ ਗਿਆ ਅਤੇ ਨਿਸਚਤ ਕੀਤੀ ਗਈ ਥਾਂ 'ਤੇ ਦੋਹਾਂ ਸਾਹਿਬਜ਼ਾਦਿਆਂ ਨੂੰ ਖਲ੍ਹਾਰ ਕੇ ਬਾਸਲ ਬੇਗ਼ ਅਤੇ ਸ਼ਾਸਲ ਬੇਗ ਨਾਂ ਦੇ ਜੱਲਾਦਾਂ ਨੂੰ ਉਨ੍ਹਾਂ ਦੇ ਆਲ਼ੇ-ਦੁਆਲ਼ੇ ਇੱਟਾਂ ਤੇ ਗਾਰੇ ਨਾਲ ਦੀਵਾਰ ਚਿਣਨ ਦਾ ਹੁਕਮ ਦਿੱਤਾ ਗਿਆ।

ਦੀਵਾਰ ਜਿਉਂ-ਜਿਉਂ ਉੱਚੀ ਹੁੰਦੀ ਗਈ, ਦੋਹਾਂ ਸਾਹਿਬਜ਼ਾਦਿਆਂ ਵੱਲੋਂ "ਬੋਲੇ ਸੋ ਨਿਹਾਲ, ਸਤਿ ਸਿਰੀ ਅਕਾਲ" ਦੇ ਜੈਕਾਰੇ ਉੱਚੇ ਹੁੰਦੇ ਗਏ ਅਤੇ ਜਦੋਂ ਇਹ ਦੀਵਾਰ ਉਨ੍ਹਾਂ ਦੇ ਸਿਰਾਂ ਤੋਂ ਉੱਪਰ ਹੋ ਗਈ ਤਾਂ ਇਹ ਜੈਕਾਰੇ ਅਚਾਨਕ ਬੰਦ ਹੋ ਗਏ ਪਰ ਇਸ ਦੇ ਨਾਲ ਹੀ ਦੀਵਾਰ ਡਿੱਗ ਕੇ ਖਿੱਲਰ ਗਈ। ਦੋਵੇਂ ਮਾਸੂਮ ਜਿੰਦਾਂ ਬੇਹੋਸ਼ ਸਨ ਪਰ ਉਨ੍ਹਾਂ ਦੇ ਸਾਹ ਅਜੇ ਚੱਲ ਰਹੇ ਸਨ। ਵਜ਼ੀਰ ਖ਼ਾਨ ਵੱਲੋਂ ਜੱਲਾਦਾਂ ਨੂੰ ਉਨ੍ਹਾਂ ਦੇ ਸਿਰ ਕਲਮ ਕਰਨ ਦਾ ਹੁਕਮ ਦਿੱਤਾ ਗਿਆ ਜਿਸ ਦੀ ਤਾਮੀਲ ਕੀਤੀ ਗਈ ਅਤੇ ਦੋਵੇਂ ਸਾਹਿਬਜ਼ਾਦੇ 'ਸੱਚਖੰਡ' ਆਪਣੇ ਦਾਦੇ ਗੁਰੂ ਤੇਗ਼ ਬਹਾਦਰ ਜੀ ਕੋਲ ਜਾ ਬਿਰਾਜੇ। ਮਾਤਾ ਗੁਜਰੀ ਜੀ ਆਪਣੇ ਪੋਤਰਿਆਂ ਦਾ ਵਿਛੋੜਾ ਨਾ ਸਹਾਰਦੇ ਹੋਏ ਠੰਢੇ ਬੁਰਜ ਵਿਚ ਆਪਣੀ ਜਾਨ ਦੇ ਗਏ।

ਇੱਥੇ ਇਹ ਜ਼ਿਕਰ ਵੀ ਕਰਨਾ ਬਣਦਾ ਹੈ ਕਿ ਸਰਹੰਦ ਦੇ ਠੰਢੇ ਬੁਰਜ ਵਿਚ ਕੈਦ ਦੋਹਾਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਗੁਰੂ ਜੀ ਦਾ ਸੇਵਕ ਮੋਤੀ ਮਹਿਰਾ ਤਿੰਨੇ ਰਾਤਾਂ ਗਰਮ ਦੁੱਧ ਪਿਆਉਂਦਾ ਰਿਹਾ ਜਿਸ ਤੋਂ ਗੁੱਸੇ ਵਿਚ ਆ ਕੇ ਉਸ ਦੇ ਪਰਿਵਾਰ ਦੇ ਜੀਆਂ ਨੂੰ ਕੋਹਲੂ ਵਿਚ ਪੀੜ ਕੇ ਸ਼ਹੀਦ ਕੀਤਾ ਕੀਤਾ ਗਿਆ। ਇਸ ਦੇ ਨਾਲ ਹੀ ਦੋਹਾਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਮਿਰਤਕ ਸਰੀਰਾਂ ਦਾ ਸਸਕਾਰ ਕਰਨ ਲਈ ਦੀਵਾਨ ਟੋਡਰ ਮੱਲ ਨੇ ਉਸ ਵੇਲੇ ਦੀ ਹਕੂਮਤ ਦੀਆਂ ਸ਼ਰਤਾਂ ਨੂੰ ਮੁੱਖ ਰੱਖਦਿਆਂ ਆਪਣੀ ਲੜਕੀ ਦੇ ਵਿਆਹ ਲਈ ਜੋੜ ਕੇ ਰੱਖੀਆਂ ਸੋਨੇ ਦੀਆਂ ਮੋਹਰਾਂ ਖੜੇ ਰੁਖ਼ ਰੱਖ ਕੇ ਸ਼ਹਿਰੋਂ ਬਾਹਰਵਾਰ ਜ਼ਮੀਨ ਪ੍ਰਾਪਤ ਕੀਤੀ ਅਤੇ ਉਨ੍ਹਾਂ ਦਾ ਸਸਕਾਰ ਕੀਤਾ। ਇਸ ਬੇਸ਼-ਕੀਮਤੀ ਥਾਂ ਨੂੰ 'ਦੁਨੀਆਂ ਦੀ ਸੱਭ ਤੋਂ ਮਹਿੰਗੀ ਧਰਤੀ' ਦਾ ਰੁਤਬਾ ਹਾਸਲ ਹੈ। ਉੱਥੇ ਬਣਿਆ ਹੋਇਆ ਗੁਰ-ਦੁਆਰਾ ਸਾਹਿਬ ਜੋਤੀ ਸਰੂਪ ਇਸ ਦੀ ਬਾਖ਼ੂਬੀ ਗਵਾਹੀ ਭਰਦਾ ਹੈ।

ਇਸ ਤਰ੍ਹਾਂ ਦਸੰਬਰ ਮਹੀਨੇ ਦੇ ਇਨ੍ਹਾ ਦਿਨਾਂ ਦੌਰਾਨ ਚੋਹਾਂ ਸਾਹਿਬਜ਼ਾਦਿਆਂ ਦੀ ਮਹਾਨ ਸ਼ਹੀਦੀ ਦੇ ਨਾਲ ਸੰਗਤਾਂ ਵੱਲੋਂ ਇਨ੍ਹਾਂ ਦੋ ਮਹਾਨ ਪੁਰਖ਼ਾਂ ਦੀ ਕੁਰਬਾਨੀ ਨੂੰ ਵੀ ਸਿਜਦਾ ਕੀਤਾ ਜਾਂਦਾ ਹੈ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Drug and Alcohol Test
Capital DRUG TESTING
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਵਿਦੇਸ਼ਾਂ ਵਿੱਚ ਵੱਸਦੇ ਲੇਖਕ ਪੰਜਾਬੀਅਤ ਦੇ ਅਸਲ ਰਾਜਦੂਤ ਹਨ : ਪ੍ਰੋ. ਗੁਰਭਜਨ ਸਿੰਘ ਗਿੱਲ

## ਕੈਨੇਡਾ ਵੱਸਦੀ ਲੇਖਿਕਾ ਬਿੰਦੂ ਦਲਵੀਰ ਕੌਰ ਦਾ ਗ਼ਜ਼ਲ ਸੰਗ੍ਰਹਿ "ਹਰਫ ਇਲਾਹੀ" ਲੋਕ ਅਰਪਣ



ਲੁਧਿਆਣਾ, 19 ਦਸੰਬਰ (ਗਿਆਨ ਸਿੰਘ): ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਜ ਲੁਧਿਆਣਾ ਦੇ ਪਰਵਾਸੀ ਸਾਹਿਤ ਅਧਿਐਨ ਕੇਂਦਰ ਵੱਲੋਂ ਕੈਨੇਡਾ, ਯੂ ਕੇ ਤੇ ਇਟਲੀ ਤੋਂ ਆਏ ਪਰਵਾਸੀ ਲੇਖਕਾਂ ਨਾਲ ਮਿਲਣੀ ਤੇ ਬਿੰਦੂ ਦਲਵੀਰ ਕੌਰ ਕੈਨੇਡਾ ਦੇ ਗਜ਼ਲ ਸੰਗ੍ਰਹਿ "ਹਰਫ ਇਲਾਹੀ" ਦਾ ਲੋਕ ਅਰਪਣ ਸਮਾਗਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਡਾ. ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਤੇ ਬਾਨੀ ਵਿਸ਼ਵ ਪੰਜਾਬੀ ਭਵਨ ਟੋਰੰਟੋ ਵੱਲੋਂ ਕੀਤੀ ਗਈ।

ਪ੍ਰੋਫੈਸਰ ਗੁਰਭਜਨ ਸਿੰਘ ਗਿੱਲ ਪ੍ਰਧਾਨ ਪੰਜਾਬੀ ਲੋਕ ਵਿਰਾਸਤ ਅਕੈਡਮੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਪ੍ਰੋਗਰਾਮ ਦੇ ਆਰੰਭ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਨੇ ਸਭ ਨੂੰ ਜੀ ਆਇਆ ਕਿਹਾ ਅਤੇ 2011 ਵਿੱਚ ਕਾਲਜ ਵਿੱਚ ਸਥਾਪਿਤ ਹੋਏ ਪ੍ਰਵਾਸੀ ਸਾਹਿਤ ਅਧਿਐਨ ਕੇਂਦਰ ਦੀਆਂ ਸਰਗਰਮੀਆਂ ਤੇ ਪ੍ਰਾਪਤੀਆਂ ਸ੍ਰੋਤਿਆਂ ਨਾਲ ਸਾਂਝੀਆਂ ਕੀਤੀਆਂ।

ਡਾ. ਸ. ਪ. ਸਿੰਘ ਸਾਬਕਾ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਅਤੇ ਮੌਜੂਦਾ ਪ੍ਰਧਾਨ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ ਲੁਧਿਆਣਾ ਨੇ ਜ਼ੂਮ ਐਪ ਰਾਹੀਂ ਇਸ ਪ੍ਰੋਗਰਾਮ ਵਿੱਚ ਸਰੀ ਕੈਨੇਡਾ ਤੋਂ ਆਪਣੇ ਵਿਚਾਰ ਸਾਂਝੇ ਕੀਤੇ। ਉਨਾਂ ਨੇ ਕਿਹਾ ਕਿ ਕੈਨੇਡਾ ਵਿੱਚ ਪਹਿਲਾਂ 'ਪੰਜਾਬ ਭਵਨ' ਸਰੀ ਪੰਜਾਬੀ ਭਾਸ਼ਾ ਦੇ ਪ੍ਰਚਾਰ ਲਈ ਯਤਨਸ਼ੀਲ ਹੈ ਤੇ ਹੁਣ ਡਾ. ਦਲਬੀਰ ਸਿੰਘ ਕਥੂਰੀਆ ਵੱਲੋਂ ਵਿਸ਼ਵ ਪੰਜਾਬੀ ਸਭਾ ਦਾ ਗਠਨ ਪੰਜਾਬ, ਪੰਜਾਬੀ ਤੇ ਪੰਜਾਬੀਅਤ ਲਈ ਸ਼ੁਭ ਸੰਕੇਤ ਹੈ। ਡਾ. ਦਲਬੀਰ ਸਿੰਘ ਕਥੂਰੀਆ ਨੇ ਆਪਣਾ ਪ੍ਰਧਾਨਗੀ ਭਾਸ਼ਣ ਸਾਂਝੇ ਕਰਦੇ ਹੋਏ ਵਿਸ਼ਵ ਪੰਜਾਬੀ ਸਭਾ ਦੀ ਸਥਾਪਤੀ ਦਾ ਮਨਸ਼ਾ ਤੇ ਇਸ ਦੀਆਂ ਸਰਗਰਮੀਆਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਉਨਾਂ ਨੇ ਕਿਹਾ ਕਿ ਉਹ ਤੇ ਉਨਾਂ ਦੀ ਸੰਸਥਾ ਪੰਜਾਬੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਰੰਤਰ ਯਤਨਸ਼ੀਲ ਰਹੇਗੀ। ਉਹਨਾਂ ਕਿਹਾ ਕਿ ਪੰਜਾਬੀ ਲੇਖਿਕਾਂ ਲਈ ਬਰੈਮਟਨ ਵਿਖੇ "ਪੰਜਾਬੀ ਭਵਨ" ਬਣਾਇਆ ਗਿਆ ਤੇ ਹਰ ਸਾਲ ਜੂਨ ਮਹੀਨੇ ਵਿਚ ਤਿੰਨ ਰੋਜ਼ਾ ਵਿਸ਼ਵ ਪੰਜਾਬੀ ਕਾਂਨਫਰੰਸ ਕਰਵਾਈ ਜਾਂਦੀ ਹੈ। ਪ੍ਰੋਫੈਸਰ ਗੁਰਭਜਨ ਸਿੰਘ ਗਿੱਲ ਚੇਅਰਮੈਨ,ਪੰਜਾਬੀ ਲੋਕ ਵਿਰਾਸਤ ਅਕੈਡਮੀ ਲੁਧਿਆਣਾ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਵਿਦੇਸ਼ਾਂ ਚ ਵੱਸਦੇ ਲੇਖਕ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਅਸਲ ਰਾਜਦੂਤ ਹਨ।

ਉਨ੍ਹਾਂ ਕਿਹਾ ਕਿ ਗੁਜਰਾਂਵਾਲਾ ਗੁਰੂ ਨਾਨਕ ਖਾਲਸਾ ਕਾਲਜ ਇਸ ਗੱਲੋਂ ਬਹੁਤ ਵੱਡਭਾਗੀ ਹੈ ਕਿਉਂਕਿ ਇਸ ਵਿੱਚ ਪ੍ਰੋਫੈਸਰ ਸਾਹਿਬ ਸਿੰਘ ਵਰਗੇ ਗੁਰਮਤਿ ਦੇ ਵਿਦਵਾਨ, ਬਾਵਾ ਹਰਕ੍ਰਿਸ਼ਨ ਸਿੰਘ ਜੀ ਵਰਗੇ ਉੱਘੇ ਸਿੱਖਿਆ ਸ਼ਾਸਤਰੀ, ਪ੍ਰਿੰਸੀਪਲ ਤੇਜਾ ਸਿੰਘ ਜਿਹੇ ਵਿਦਵਾਨਾਂ ਨੇ ਆਪਣੀਆਂ ਸੇਵਾਵਾਂ ਦਿੱਤੀਆਂ ਹਨ। ਉਨਾਂ ਇਸ ਮੌਕੇ ਵਿਸ਼ਵ ਭਰ ਵਿੱਚ ਸਰਗਰਮ ਪੰਜਾਬੀ ਦੀਆਂ ਸਾਹਿਤਕ ਸਭਾਵਾਂ ਦੀ ਕਾਰਜ ਸ਼ੈਲੀ ਵੀ ਸਾਂਝੀ ਕੀਤੀ।

ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਸ਼ਰਨਜੀਤ ਕੌਰ ਨੇ ਬਿੰਦੂ ਦਲਵੀਰ ਕੌਰ ਦੀ ਜਾਣ ਪਛਾਣ ਸਰੋਤਿਆਂ ਨਾਲ ਕਰਵਾਉਂਦੇ ਹੋਏ ਉਨਾਂ ਦੀ ਸਾਹਿਤਕ ਦੇਣ ਬਾਰੇ ਵੀ ਦੱਸਿਆ।


ਡਾਕਟਰ ਗੁਰਇਕਬਾਲ ਸਿੰਘ ਜਨਰਲ ਸਕੱਤਰ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਨੇ ਇਸ ਮੌਕੇ ਬਿੰਦੂ ਦਲਵੀਰ ਕੌਰ ਦੇ ਗਜ਼ਲ ਸੰਗ੍ਰਹਿ "ਹਰਫ਼ ਇਲਾਹੀ" ਬਾਰੇ ਆਪਣੇ ਵਿਚਾਰ ਸਰੋਤਿਆਂ ਨਾਲ ਸਾਂਝੇ ਕਰਦੇ ਹੋਏ ਕਿਹਾ ਕਿ ਬਿੰਦੂ ਦੀਆਂ ਗਜ਼ਲਾਂ ਕਾਦਰ ਤੇ ਕੁਦਰਤ ਦੀ ਗਲਵੱਕੜੀ ਵਿੱਚੋਂ ਉਪਜੀਆਂ ਹਨ। ਉਨਾਂ ਨੇ ਕਿਹਾ ਕਿ ਅਜੋਕਾ ਮਨੁੱਖ ਕੁਦਰਤ ਨਾਲੋਂ ਸਿੱਧੇ ਰੂਪ ਵਿੱਚ ਟੁੱਟ ਰਿਹਾ ਹੈ ਤੇ ਬਨਾਉਟੀ ਸਾਧਨਾ ਰਾਹੀਂ ਜੁੜ ਰਿਹਾ ਹੈ। ਉਨਾਂ ਨੇ ਕਿਹਾ ਕਿ ਇਹਨਾਂ ਗਜ਼ਲਾਂ ਵਿੱਚ ਸੂਫ਼ੀਆਨਾ ਕਾਵਿ ਦੇ ਝਲਕਾਰੇ ਵੀ ਪੈਂਦੇ ਹਨ। ਬਿੰਦੂ ਦਲਵੀਰ ਕੌਰ ਨੇ ਇਸ ਮੌਕੇ ਆਪਣੀਆਂ ਗਜ਼ਲਾਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਸ. ਚਮਕੌਰ ਸਿੰਘ ਸੇਖੋ ਨੇ ਕੈਨੇਡਾ ਵਿੱਚ ਨੌਜਵਾਨਾਂ ਦੇ ਅਨੁਭਵਾਂ ਨੂੰ ਗਾ ਕੇ ਸਰੋਤਿਆਂ ਨਾਲ ਸਾਂਝਾ ਕੀਤਾ।

ਇਟਲੀ ਤੋਂ ਆਏ ਲੇਖਕ ਦਲਜਿੰਦਰ ਰਹਿਲ ਨੇ ਆਪਣੀ ਸਭਾ ਸਾਹਿਤ ਸੁਰ ਸੰਗਮ ਸਭਾ ਇਟਲੀ ਬਾਰੇ ਤੇ ਯੂਰਪੀ ਪੰਜਾਬੀ ਸਾਹਿਤ ਬਾਰੇ ਬੜੇ ਹੀ ਮੁੱਲਵਾਨ ਵਿਚਾਰ ਸਰੋਤਿਆਂ ਨਾਲ ਸਾਂਝੇ ਕੀਤੇ। ਲੇਖਕ ਤਾਰਾ ਸਿੰਘ ਆਲਮ ਯੂ.ਕੇ. ਨੇ ਪਰਵਾਸੀ ਸਾਹਿਤ ਅਧਿਅਨ ਕੇਂਦਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਅਜਿਹੇ ਸਾਹਿਤਕ ਪ੍ਰੋਗਰਾਮ ਪ੍ਰਵਾਸੀ ਲੇਖਕਾਂ ਨੂੰ ਉਤਸ਼ਾਹਿਤ ਕਰਨ ਹਿੱਤ ਜਰੂਰੀ ਹਨ।

ਸਮਾਗਮ ਵਿੱਚ ਡਾ ਦਲਬੀਰ ਸਿੰਘ ਕਥੂਰੀਆ,ਡਾ ਤਾਰਾ ਸਿੰਘ ਆਲਮ ਯੂ ਕੇ, ਦਲਜਿੰਦਰ ਰਹਿਲ ਇਟਲੀ, ਬਿੰਦੂ ਦਲਵੀਰ ਕੌਰ ਸਰੀ ਕੈਨੇਡਾ , ਕੁਲਵਿੰਦਰ ਪਾਲ ਯੂ ਕੇ,ਡਾ ਗੁਰਇਕਬਾਲ ਸਿੰਘ ਤੇ ਚਮਕੌਰ ਸਿੰਘ ਸੇਖੋਂ ਸਰੀ ਕੈਨੇਡਾ ਨੂੰ ਸ. ਹਰਸ਼ਰਨ ਸਿੰਘ ਨਰੂਲਾ ਆਨਰੇਰੀ ਜਨਰਲ ਸਕੱਤਰ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ ਲੁਧਿਆਣਾ, ਪ੍ਰਿੰਸੀਪਲ ਡਾ ਅਰਵਿੰਦਰ ਸਿੰਘ ਭੱਲਾ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰੋ. ਮਨਜੀਤ ਸਿੰਘ ਛਾਬੜਾ ਡਾਇਰੈਕਟਰ ਜੀ.ਜੀ.ਐਨ.ਆਈ. ਐਮ.ਟੀ., ਪ੍ਰੋ. ਰਵਿੰਦਰ ਸਿੰਘ ਭੱਠਲ, ਤਰਲੋਚਨ ਲੋਚੀ ਤੇ ਸਹਿਜਪ੍ਰੀਤ ਸਿੰਘ ਮਾਂਗਟ ਦੋਵੇਂ ਮੀਤ ਪ੍ਰਧਾਨ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ, ਪ੍ਰਿੰ. ਪਰਵਿੰਦਰ ਸਿੰਘ, ਮਨਦੀਪ ਕੌਰ ਭਮਰਾ, ਰਾਜਦੀਪ ਸਿੰਘ ਤੂਰ, ਵਿਸ਼ਵ ਪੰਜਾਬੀ ਸਭਾ ਦੀ ਭਾਰਤੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ, ਸ. ਗਿਆਨ ਸਿੰਘ ਸਾਬਕਾ ਡੀ ਪੀ ਆਰ ਓ,ਦੀਪ ਜਗਦੀਪ ਸਿੰਘ ,ਡਾ ਗੁਰਪ੍ਰੀਤ ਸਿੰਘ, ਡਾ ਮਨਦੀਪ ਕੌਰ ਰੰਧਾਵਾ ਤੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਸਾਹਿਬਾਨ ਹਾਜ਼ਰ ਰਹੇ। ਮੰਚ ਸੰਚਾਲਨ ਡਾ ਤਜਿੰਦਰ ਕੌਰ ਵੱਲੋਂ ਕੀਤਾ ਗਿਆ।






# ਸਰਕਾਰੀ ਇਮਾਰਤ ਵਿੱਚ ਜਲਦ ਸਥਾਪਤ ਕਰਾਂਗੇ ਮੋਹਾਲੀ ਪ੍ਰੈੱਸ ਕਲੱਬ : ਕੁਲਦੀਪ ਧਾਲੀਵਾਲ

## ਮੋਹਾਲੀ ਪ੍ਰੈੱਸ ਕਲੱਬ ਨੂੰ 2 ਲੱਖ ਰੁਪਏ ਦੀ ਵਿੱਤੀ ਮੱਦਦ ਦੇਣ ਦਾ ਐਲਾਨ



ਮੋਹਾਲੀ, 19 ਦਸੰਬਰ (ਗਿਆਨ ਸਿੰਘ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮਿਲ ਕੇ ਜਲਦੀ ਹੀ ਮੋਹਾਲੀ ਵਿਚ ਪ੍ਰੈੱਸ ਕਲੱਬ ਲਈ ਢੁਕਵੀਂ ਥਾਂ ਉਤੇ ਨਵੀਂ ਇਮਾਰਤ ਉਸਾਰੀ ਜਾਵੇਗੀ।

ਇਹ ਭਰੋਸਾ ਅੱਜ ਇਥੇ ਪੰਜਾਬ ਦੇ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਦਿੰਦਿਆਂ ਕਿਹਾ ਕਿ ਜਿੰਨਾ ਚਿਰ ਕਲੱਬ ਲਈ ਥਾਂ ਨਹੀਂ ਮਿਲਦੀ ਓਨਾ ਚਿਰ ਕਿਸੇ ਵੀ ਸਰਕਾਰੀ ਇਮਾਰਤ ਵਿਚ ਆਰਜ਼ੀ ਪ੍ਰਬੰਧ ਕੀਤਾ ਜਾਵੇਗਾ। ਇਸ ਮੌਕੇ ਉਹਨਾਂ ਨੇ ਮੋਹਾਲੀ ਪ੍ਰੈੱਸ ਕਲੱਬ ਦੇ ਮੈਂਬਰਾਂ ਨੂੰ ਸ਼ਨਾਖਤੀ ਕਾਰਡ ਵੀ ਤਕਸੀਮ ਕੀਤੇ ਅਤੇ ਮੋਹਾਲੀ ਪ੍ਰੈਸ ਕਲੱਬ ਦੀ ਟੀਮ ਵਲੋਂ ਸ. ਕੁਲਦੀਪ ਸਿੰਘ ਧਾਲੀਵਾਲ ਨੂੰ ਪ੍ਰੈਸ ਦਾ ਆਨਰੇਰੀ ਆਈ ਕਾਰਡ ਵੀ ਭੇਟ ਕੀਤਾ ਗਿਆ। ਇਸ ਮੌਕੇ ਉਹਨਾਂ ਕਲੱਬ ਨੂੰ 2 ਲੱਖ ਰੁਪਏ ਦੀ ਵਿੱਤੀ ਮੱਦਦ ਦੇਣ ਦਾ ਵੀ ਐਲਾਨ ਕੀਤਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਧਾਲੀਵਾਲ ਨੇ ਕਿਹਾ ਕਿ ਮੋਹਾਲੀ ਸ਼ਹਿਰ ਵਿਚ ਪ੍ਰੈਸ ਕਲੱਬ ਲਈ ਥਾਂ ਨਾ ਹੋਣਾ ਦੁੱਖਦਾਈ ਮਸਲਾ ਹੈ। ਜਿਸ ਨੂੰ ਜਲਦੀ ਹੀ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਅੱਜ ਕੈਬਨਿਟ ਸਬ ਕਮੇਟੀ ਮੀਟਿੰਗ ਵਿਚ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਦੇ ਭੱਖਦੇ ਮਸਲੇ ਵਿਚਾਰੇ ਗਏ, ਜਿਨ੍ਹਾਂ ਨੂੰ ਜਲਦੀ ਹੀ ਹੱਲ ਕਰ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਪਿਛਲੇ ਪੌਣੇ ਦੋ ਸਾਲ ਵਿਚ ਪੰਜਾਬ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਗਿਆ ਹੈ ਅਤੇ ਬੇਰੁਜ਼ਗਾਰੀ ਨੂੰ ਖ਼ਤਮ ਕਰਨ ਲਈ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ। ਉਹਨਾਂ ਇਹ ਵੀ ਕਿਹਾ ਕਿ ਪੰਜਾਬ ਵਿਚ ਲਾਲ ਡੋਰੇ ਅੰਦਰ ਪੈਂਦੀਆਂ ਜ਼ਮੀਨਾਂ ਦੀ ਰਜਿਸਟਰੀ ਨਾ ਹੋਣ ਦਾ ਮਸਲਾ ਵੀ ਜਲਦੀ ਹੀ ਹੱਲ ਕਰ ਦਿੱਤਾ ਜਾਵੇਗਾ। ਉਹਨਾਂ ਅੱਗੇ ਕਿਹਾ ਕਿ ਪਰਿਵਾਰਕ ਜ਼ਮੀਨਾਂ ਦੀ ਤਕਸੀਮ ਲਈ ਪਿੰਡ-ਪਿੰਡ ਕੈਂਪ ਲਾਏ ਜਾਣਗੇ ਅਤੇ ਲੋਕਾਂ ਨੂੰ ਆ ਰਹੀ ਸਮੱਸਿਆ ਹੱਲ ਕਰ ਦਿੱਤੀ ਜਾਵੇਗੀ।

ਇਸ ਮੌਕੇ ਬੋਲਦਿਆਂ ਪੰਜਾਬ ਜਲ ਸਲਪਾਈ ਅਤੇ ਸੀਵਰੇਜ਼ ਬੋਰਡ ਦੇ ਚੇਅਰਮੈਨ ਡਾ. ਸੰਨੀ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਮੋਹਾਲੀ ਦੀ ਪ੍ਰੈਸ ਲੋਕ ਪੱਖੀ ਹੈ ਅਤੇ ਪ੍ਰੈਸ ਕਲੱਬ ਲਈ ਕੀਤੀ ਗਈ ਮੰਗ ਨੂੰ ਸ਼ੇਤੀ ਪੂਰਾ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜਿੰਨਾ ਚਿਰ ਸਰਕਾਰੀ ਜ਼ਮੀਨ ਦਾ ਫੈਸਲਾ ਨਹੀਂ ਹੁੰਦਾ, ਓਨੀ ਚਿਰ ਕਿਸੇ ਵੀ ਸਰਕਾਰੀ ਇਮਾਰਤ ਵਿਚ ਮੋਹਾਲੀ ਪ੍ਰੈਸ ਕਲੱਬ ਨੂੰ ਥਾਂ ਦਿੱਤੀ ਜਾਵੇ, ਤਾਂ ਜੋ ਪੱਤਰਕਾਰ ਭਾਈਚਾਰਾ ਇਕ ਛੱਤ ਹੇਠ ਬੈਠ ਕੇ ਕੰਮ ਕਰ ਸਕਣ।

ਇਸ ਮੌਕੇ ਬੋਲਦਿਆਂ ਮੋਹਾਲੀ ਪ੍ਰੈਸ ਕਲੱਬ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਪਟਵਾਰੀ ਨੇ ਕਿਹਾ ਕਿ ਮੋਹਾਲੀ ਸ਼ਹਿਰ ਕੌਮਾਂਤਰੀ ਪੱਤਰ ਉਤੇ ਜਾਣਿਆ ਜਾਂਦਾ ਸ਼ਹਿਰ ਹੈ ਪਰ ਮੋਹਾਲੀ ਵਿਚ ਪ੍ਰੈੱਸ ਕਲੱਬ ਨਾ ਹੋਣ ਕਰਕੇ ਪੱਤਰਕਾਰਾਂ ਨੂੰ ਕਈ ਦੁਸ਼ਵਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਪ੍ਰੈੱਸ ਸਰਕਾਰ ਅਤੇ ਲੋਕਾਂ ਵਿਚਕਾਰ ਪੁੱਲ ਦਾ ਕੰਮ ਕਰਦੀ ਹੈ ਅਤੇ ਪੱਤਰਕਾਰਾਂ ਲਈ ਅਜਿਹੀ ਬੁਨਿਆਦੀ ਸਹੂਲਤ ਨਾ ਹੋਣ ਕਰਕੇ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕੈਬਨਿਟ ਮੰਤਰੀ ਸ. ਧਾਲੀਵਾਲ ਤੋਂ ਮੰਗ ਕੀਤੀ ਕਿ ਮੋਹਾਲੀ ਵਿਚ ਜਲਦ ਹੀ ਪ੍ਰੈਸ ਕਲੱਬ ਲਈ ਥਾਂ ਦਿੱਤੀ ਜਾਵੇ।

ਇਸ ਮੌਕੇ ਪ੍ਰੈੱਸ ਕਲੱਬ ਵਿਚ ਪ੍ਰਧਾਨ ਗੁਰਮੀਤ ਸਿੰਘ ਸ਼ਾਹੀ, ਸੀ. ਮੀਤ ਪ੍ਰਧਾਨ ਮਨਜੀਤ ਸਿੰਘ ਚਾਨਾ, ਮੀਤ ਪ੍ਰਧਾਨ ਸੁਸ਼ੀਲ ਗਰਚਾ ਅਤੇ ਵਿਜੇ ਕੁਮਾਰ, ਕੈਸ਼ੀਅਰ ਰਾਜੀਵ ਤਨੇਜਾ, ਜੁਆਇੰਟ ਸਕੱਤਰ ਨੀਲਮ ਠਾਕੁਰ ਅਤੇ ਮਾਇਆ ਰਾਮ, ਹਰਬੰਸ ਸਿੰਘ ਬਾਗੜੀ, ਸਮਾਜਸੇਵੀ ਜਗਜੀਤ ਕੌਰ ਕਾਹਲੋਂ, ਬ੍ਰਿਗੇਡੀਅਰ ਰਾਜਿੰਦਰ ਸਿੰਘ ਕਾਹਲੋਂ, ਅਜਾਇਬ ਸਿੰਘ ਔਜਲਾ, ਸੰਦੀਪ ਬਿੰਦਰਾ, ਜਸਵੀਰ ਸਿੰਘ ਗੋਸਲ, ਰਾਜੀਵ ਵਸ਼ਿਸ਼ਟ, ਅਕਵਿੰਦਰ ਗੋਸਲ, ਤਰੁਣਜੀਤ ਸਿੰਘ ਪੀਏ ਵਿਧਾਇਕ ਮੋਹਾਲੀ, ਆਰ.ਪੀ. ਸ਼ਰਮਾ, ਹਰਿੰਦਰਪਾਲ ਸਿੰਘ ਹੈਰੀ, ਕੁਲਵਿੰਦਰ ਸਿੰਘ ਬਾਵਾ, ਅਮਨ ਗਿੱਲ, ਮੰਗਤ ਸਿੰਘ ਸੈਦਪੁਰ, ਸੁਖਵਿੰਦਰ ਸਿੰਘ ਸ਼ਾਨ, ਸੰਦੀਪ ਸ਼ਰਮਾ, ਕੁਲਵੰਤ ਕੋਟਲੀ, ਗੁਰਮੀਤ ਸਿੰਘ ਰੰਧਾਵਾ, ਪਾਲ ਸਿੰਘ ਕੰਸਾਲਾ, ਧਰਮ ਸਿੰਘ, ਸਰੋਜ ਕੁਮਾਰੀ ਵਰਮਾ, ਰਣਜੀਤ ਸਿੰਘ ਧਾਲੀਵਾਲ, ਭੁਪਿੰਦਰ ਬੱਬਰ, ਤਿਲਕ ਰਾਜ, ਵਾਸਨ ਸਿੰਘ ਗੋਰਾਇਆ, ਰਾਜੀਵ ਕੁਮਾਰ ਸੱਚਦੇਵਾ, ਧਰਮਿੰਦਰ ਸਿੰਗਲਾ, ਅਰੁਣ ਨਾਭਾ, ਗੁਰਜੀਤ ਸਿੰਘ, ਗੁਰਨਾਮ ਸਾਗਰ, ਮੈਨੇਜਰ ਜਗਦੀਸ਼ ਸ਼ਾਰਦਾ, ਨਰਿੰਦਰ ਰਾਣਾ ਆਦਿ ਹਾਜ਼ਰ ਸਨ।

# ਡਾ. ਬਲਜੀਤ ਕੌਰ ਨੇ ਆਂਗਣਵਾੜੀ ਯੂਨੀਅਨ ਨਾਲ ਕੀਤੀ ਮੀਟਿੰਗ, ਜਾਇਜ਼ ਮੰਗਾਂ ਦੇ ਹੱਲ ਦਾ ਦਿੱਤਾ ਭਰੋਸਾ



ਚੰਡੀਗੜ੍ਹ, 19 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਮੁਲਾਜਮਾਂ ਦੀਆਂ ਜਾਇਜ਼ ਮੰਗਾਂ ਦੀ ਪੂਰਤੀ ਲਈ ਵਚਨਬੱਧ ਹੈ। ਇਸੇ ਵਚਨਬੱਧਤਾ ਤਹਿਤ ਅੱਜ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਨਾਲ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਯੂਨੀਅਨ ਵਲੋਂ ਰੱਖੀਆਂ ਗਈਆਂ ਪ੍ਰਮੁੱਖ ਮੰਗਾਂ ਵਿਚ ਆਗਣਵਾੜੀ ਵਰਕਰ ਨੂੰ ਗ੍ਰੇਡ 3 ਅਤੇ ਹੈਲਪਰ ਨੂੰ ਗ੍ਰੇਡ 4 ਦਾ ਦਰਜਾ, 0 ਤੋਂ 6 ਸਾਲ ਤੱਕ ਦੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ ਵਿਚ ਰੱਖੇ ਜਾਣ, ਆਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਆਂਗਣਵਾੜੀ ਵਰਕਰ ਹੈਲਪਰ ਨੂੰ ਸੇਵਾ ਮੁਕਤੀ 'ਤੇ ਗਰੈਚੁਟੀ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਅਸਾਮੀਆਂ ਦੀ ਭਰਤੀ, ਮੈਡੀਕਲ ਛੁੱਟੀ, ਆਯੂਸ਼ਮਾਨ ਬੀਮਾ ਯੋਜਨਾ ਨਾਲ ਜੋੜਦੇ ਹੋਏ ਮੁਫ਼ਤ ਇਲਾਜ ਲਈ ਕਾਰਡ ਬਣਾਏ ਜਾਣ, ਮੰਗਾਂ ਸ਼ਾਮਿਲ ਹਨ।

ਕੈਬਨਿਟ ਮੰਤਰੀ ਨੇ ਯੂਨੀਅਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਪੂਰੇ ਧਿਆਨ ਨਾਲ ਸੁਣੀਆਂ ਅਤੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਉਹਨਾਂ ਦੀਆਂ ਜਾਇਜ਼ ਮੰਗਾਂ ਜਲਦ ਹੀ ਪੂਰੀਆਂ ਕੀਤੀਆਂ ਜਾਣਗੀਆਂ।







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017